Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-98881 88887, 98882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 144 Chief Editor : Chowdhary Prabhjit Singh, Editor : Chhatarpal Singh 98146-32807, Tuesday 24 November 2026 Price : 2 Rs. Page : 6

ਦਲ-ਬਦਲੀ ਵਿਰੋਧੀ ਕਾਨੂੰਨ ਵਿੱਚ ਸੁਧਾਰਾਂ ਦੀ ਮੰਗ 'ਤੇ ਸੁਪਰੀਮ ਕੋਰਟ ਨੇ ਕੇਂਦਰ ਤੇ ਚੋਣ ਕਮਿਸ਼ਨ ਤੋਂ ਜਵਾਬ ਮੰਗਿਆ

ਨਵੀਂ ਦਿੱਲੀ, 23 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸੁਪਰੀਮ ਕੋਰਟ ਨੇ ਸੋਮਵਾਰ ਨੂੰ ਦਲ-ਬਦਲੀ ਵਿਰੋਧੀ ਕਾਨੂੰਨ ਦੀ ਵਿਵਸਥਾ ਵਿੱਚ ਵੱਡੇ ਪੱਧਰ 'ਤੇ ਸੁਧਾਰ ਕਰਨ ਦੀ ਮੰਗ ਵਾਲੀ ਜਨਹਿੱਤ ਪਟੀਸ਼ਨ 'ਤੇ ਕੇਂਦਰ ਸਰਕਾਰ, ਚੋਣ ਕਮਿਸ਼ਨ ਅਤੇ ਕਾਨੂੰਨ ਕਮਿਸ਼ਨ ਤੋਂ ਜਵਾਬ ਮੰਗਿਆ ਹੈ।

ਇਸ ਜਨਹਿੱਤ ਪਟੀਸ਼ਨ ਵਿੱਚ ਚੁਣੇ ਹੋਏ ਜਨ ਪ੍ਰਤੀਨਿਧੀਆਂ ਵੱਲੋਂ ਦਿੱਤੇ ਜਾਂਦੇ ਅਸਤੀਫ਼ਿਆਂ ਦੀ ਕਥਿਤ ਦੁਰਵਰਤੋਂ 'ਤੇ ਚਿੰਤਾ ਪ੍ਰਗਟਾਈ ਗਈ ਹੈ। ਪਟੀਸ਼ਨ ਵਿੱਚ ਕਿਹਾ ਗਿਆ ਹੈ ਕਿ ਅਸਤੀਫ਼ਿਆਂ ਦੀ ਵਰਤੋਂ ਅਯੋਗ ਠਹਿਰਾਏ ਜਾਣ ਦੀ ਕਾਰਵਾਈ ਤੋਂ ਬਚਣ ਅਤੇ ਚੁਣੀਆਂ ਹੋਈਆਂ ਸਰਕਾਰਾਂ ਦੇ ਭਵਿੱਖ ਨੂੰ ਪ੍ਰਭਾਵਿਤ ਕਰਨ ਲਈ ਕੀਤੀ ਜਾ ਸਕਦੀ ਹੈ।

ਚੀਫ਼ ਜਸਟਿਸ ਸੂਰਿਆਕਾਂਤ, ਜਸਟਿਸ ਜੋਇਮਾਲਿਆ ਬਾਗਚੀ ਅਤੇ ਜਸਟਿਸ ਵੀ. ਮੋਹਨਾ ਦੇ ਬੈਂਚ ਨੇ ਚੋਣ ਕਮਿਸ਼ਨ ਅਤੇ ਕਾਨੂੰਨ ਕਮਿਸ਼ਨ ਤੋਂ ਇਲਾਵਾ ਕਾਨੂੰਨ ਤੇ ਨਿਆਂ ਮੰਤਰਾਲੇ ਅਤੇ ਸੰਸਦੀ ਮਾਮਲਿਆਂ ਬਾਰੇ ਮੰਤਰਾਲੇ ਨੂੰ ਵੀ ਨੋਟਿਸ ਜਾਰੀ ਕੀਤੇ ਹਨ। ਇਹ ਪਟੀਸ਼ਨ ਏ. ਸੇਤੂ ਵੱਲੋਂ ਦਾਇਰ ਕੀਤੀ ਗਈ ਹੈ।

ਵਕੀਲ ਆਰ. ਸਤੀਸ਼ ਕੁਮਾਰ ਅਤੇ ਜਤਿਨ ਰਾਹੀਂ ਦਾਇਰ ਇਸ ਪਟੀਸ਼ਨ ਵਿੱਚ ਮੰਗ ਕੀਤੀ ਗਈ ਹੈ ਕਿ ਸੰਵਿਧਾਨ ਦੀ ਦਸਵੀਂ ਅਨੁਸੂਚੀ ਤਹਿਤ ਹੋਣ ਵਾਲੀ ਅਯੋਗਤਾ ਦੀ ਕਾਰਵਾਈ ਤੋਂ ਬਚਣ ਲਈ ਸੰਸਦ ਮੈਂਬਰਾਂ ਅਤੇ ਸੂਬਾਈ ਵਿਧਾਨ ਸਭਾਵਾਂ ਦੇ ਮੈਂਬਰਾਂ ਵੱਲੋਂ ਦਿੱਤੇ ਜਾਂਦੇ 'ਰਣਨੀਤਕ ਅਸਤੀਫ਼ਿਆਂ' ਦੀ ਦੁਰਵਰਤੋਂ ਰੋਕਣ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਜਾਣ। ਪਟੀਸ਼ਨ ਵਿੱਚ ਇਹ ਵੀ ਮੰਗ ਕੀਤੀ ਗਈ ਹੈ ਕਿ ਅਸਤੀਫ਼ਿਆਂ ਅਤੇ ਅਯੋਗਤਾ ਸਬੰਧੀ ਕਾਰਵਾਈਆਂ ਬਾਰੇ ਫ਼ੈਸਲੇ ਸਮਾਂਬੱਧ, ਤਰਕਸੰਗਤ ਅਤੇ ਪਾਰਦਰਸ਼ੀ ਢੰਗ ਨਾਲ ਕੀਤੇ ਜਾਣ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸਜਾਇਆ ਨਗਰ ਕੀਰਤਨ

ਅੰਮ੍ਰਿਤਸਰ, 23 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਸਬੰਧੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਨਗਰ ਕੀਰਤਨ ਸਜਾਇਆ ਗਿਆ। ਅਰਦਾਸ ਉਪਰੰਤ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ



ਗਿਆਨੀ ਅਮਰਜੀਤ ਸਿੰਘ ਨੇ ਪਾਲਕੀ ਸਾਹਿਬ ਵਿਚ ਸੁਸ਼ੋਭਿਤ ਕੀਤਾ।

ਨਗਰ ਕੀਰਤਨ ਦੌਰਾਨ ਵੱਡੀ ਗਿਣਤੀ ਵਿਚ ਸੰਗਤਾਂ ਨੇ ਸ਼ਮੂਲੀਅਤ ਕਰਦਿਆਂ ਸ਼ਰਧਾ ਦਾ ਪ੍ਰਗਟਾਵਾ ਕੀਤਾ ਅਤੇ ਸਕੂਲੀ ਬੱਚਿਆਂ, ਬੈਂਡ ਪਾਰਟੀਆਂ, ਸ਼ਬਦ ਚੌਕੀ ਜਥੇ ਤੇ ਗਤਕਾ ਪਾਰਟੀਆਂ ਨੇ ਪੂਰੇ ਉਤਸ਼ਾਹ ਨਾਲ ਨਗਰ ਕੀਰਤਨ ਵਿਚ ਸ਼ਮੂਲੀਅਤ ਕੀਤੀ। ਨਗਰ ਕੀਰਤਨ ਦੇ ਰਸਤੇ ਵਿਚ ਸੰਗਤਾਂ ਵੱਲੋਂ ਜਲ ਪਾਣੀ ਅਤੇ ਲੰਗਰਾਂ ਰਾਹੀਂ ਸੇਵਾ ਕੀਤੀ ਗਈ।

ਨਗਰ ਕੀਰਤਨ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਗਿਆਨੀ ਗੁਰਮੁੱਖ ਸਿੰਘ, ਸ਼੍ਰੋਮਣੀ ਕਮੇਟੀ ਦੇ ਮੈਂਬਰ ਭਾਈ ਰਾਜਿੰਦਰ ਸਿੰਘ ਮਹਿਤਾ, ਭਾਈ ਅਜੈਬ ਸਿੰਘ ਅਭਿਆਸੀ, ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਗੁਰਿੰਦਰ ਸਿੰਘ ਮਥਰੇਵਾਲ, ਨਿੱਜੀ ਸਕੱਤਰ ਸ. ਸ਼ਾਹਬਾਜ਼ ਸਿੰਘ, ਵਧੀਕ ਸਕੱਤਰ ਸ. ਭਗਵੰਤ ਸਿੰਘ ਧੰਗੇੜਾ, ਸ. ਜਸਵਿੰਦਰ ਸਿੰਘ ਜੱਸੀ, ਸ. ਬਿਜੈ ਸਿੰਘ, ਸ. ਤੇਜਿੰਦਰ ਸਿੰਘ ਪੱਡਾ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਮੇਜਰ ਸਿੰਘ, ਮੀਤ ਸਕੱਤਰ ਸ. ਹਰਭਜਨ ਸਿੰਘ ਵਕਤਾ, ਸ. ਮਨਜੀਤ ਸਿੰਘ, ਸ. ਸੁਖਬੀਰ ਸਿੰਘ, ਸ. ਗੁਰਮੀਤ ਸਿੰਘ ਮੁਕਤਸਰੀ, ਸ. ਅਜ਼ਾਦ ਦੀਪ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਸ. ਮਲਕੀਤ ਸਿੰਘ ਬਹਿੜਾਲ, ਮੈਨੇਜਰ ਸ. ਨਰਿੰਦਰ ਸਿੰਘ, ਵਧੀਕ ਮੈਨੇਜਰ ਸ. ਗੁਰਪ੍ਰੀਤ ਸਿੰਘ, ਸ. ਬਿਕਰਮਜੀਤ ਸਿੰਘ ਝੰਗੀ, ਸ. ਗੁਰਿੰਦਰ ਸਿੰਘ ਦੇਵੀਦਾਸਪੁਰਾ, ਸ. ਗੁਰਭਿੰਦਰਪਾਲ ਸਿੰਘ ਕਾਦੀਆਂ, ਸ. ਯੁਵਰਾਜ ਸਿੰਘ, ਸ. ਜਸਬੀਰ ਸਿੰਘ, ਸ. ਗੁਰਵਿੰਦਰ ਸਿੰਘ ਭੋਮਾਂ ਅਤੇ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੀ ਐਡਵੋਕੇਟ ਧਾਮੀ ਨੇ ਸੰਗਤਾਂ ਨੂੰ ਦਿੱਤੀ ਵਧਾਈ

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਪਹਿਲੇ ਪਾਤਸ਼ਾਹ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸਮੂਹ ਸਿੱਖ ਜਗਤ ਅਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਨੂੰ ਵਧਾਈ ਦਿੰਦਿਆਂ ਗੁਰੂ ਸਾਹਿਬ ਵੱਲੋਂ ਦਰਸਾਏ ਸਰਬਸਾਂਝੀਵਾਲਤਾ, ਬਰਾਬਰਤਾ ਅਤੇ ਮਾਨਵਤਾ ਦੀ ਭਲਾਈ ਦੇ ਮਾਰਗ ਉੱਤੇ ਚੱਲਣ ਦੀ ਪ੍ਰੇਰਨਾ ਕੀਤੀ ਹੈ।

ਕਮਲ ਫੁੱਲ ਜੋ ਇੰਡੀਆਂ ਵਿਚ ਖਿੱਝਿਆ ਜਾਪਦਾ, ਉਸ ਵਿਚੋਂ ਖੁਸਬੂ ਨਾਮ ਦੀ ਕੋਈ ਚੀਜ ਨਹੀ, ਪੰਜਾਬ ਵਿਚ ਇਹ ਲਹੂ ਨਾਲ ਸਿੰਜਿਆ ਕਮਲ ਨਹੀ ਖਿੜ ਸਕਦਾ : ਟਿਵਾਣਾ

ਫਤਹਿਗੜ੍ਹ ਸਾਹਿਬ, 23 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਮੋਦੀ ਅਤੇ ਸ਼ਾਹ ਆਪਣੀਆ ਘੱਟ ਗਿਣਤੀ ਕੌਮਾਂ ਵਿਰੋਧੀ ਜਾਬਰ ਅਤੇ ਜਾਲਮਨਾਂ ਨੀਤੀਆ ਰਾਹੀ ਅਮਲ ਕਰਕੇ ਪੰਜਾਬੀਆਂ ਤੇ ਸਿੱਖ ਕੌਮ ਦੇ ਸਭ ਧਾਰਮਿਕ, ਸਮਾਜਿਕ, ਇਖਲਾਕੀ ਅਤੇ ਵਿਧਾਨਿਕ ਹੱਕਾਂ ਨੂੰ ਨਿਰੰਤਰ ਬੀਤੇ 14 ਸਾਲਾਂ ਤੋਂ ਕੁਚਲਦੇ ਆ ਰਹੇ ਹਨ । ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਨੂੰ ਇਨ੍ਹਾਂ ਨੇ ਆਪਣੀ ਸੈਂਟਰ ਦੀ ਹਕੂਮਤ ਦੌਰਾਨ ਕੋਈ ਰਤੀਭਰ ਵੀ ਇਨਸਾਫ ਨਹੀ ਦਿੱਤਾ ਬਲਕਿ ਵੰਦੇ ਮਾਤਰਮ ਵਰਗੀਆਂ ਫਿਰਕੂ ਨੀਤੀਆ ਰਾਹੀ ਘੱਟ ਗਿਣਤੀ ਕੌਮਾਂ ਪ੍ਰਤੀ ਹੋਰ ਨਫਰਤ ਉਭਾਰੀ ਜਾ ਰਹੀ ਹੈ । ਇਸ ਅਮਲ ਨੇ ਸਾਬਤ ਕਰ ਦਿੱਤਾ ਹੈ ਕਿ ਮੋਦੀ-ਸ਼ਾਹ, ਬੀਜੇਪੀ-ਆਰ.ਐਸ.ਐਸ ਜਮਾਤਾਂ ਕਤਈ ਵੀ ਪੰਜਾਬ ਸੂਬੇ, ਪੰਜਾਬੀਆਂ ਅਤੇ ਸਿੱਖ ਕੌਮ ਦੇ ਕਿਸੇ ਵੀ ਮਸਲੇ ਨੂੰ ਹੱਲ ਕਰਨ ਦੀ ਇੱਛਾ ਸ਼ਕਤੀ ਨਾ ਤਾਂ ਸਮਰੱਥਾਂ ਰੱਖਦੇ ਹਨ ਅਤੇ ਨਾ ਹੀ ਸੰਜ਼ੀਦਾ ਹਨ । ਇਸ ਲਈ ਸ੍ਰੀ ਨਿਤਿਨ ਨਬੀਨ ਪ੍ਰਧਾਨ ਬੀਜੇਪੀ ਵਰਗੇ ਬਹੁਗਿਣਤੀ ਵਾਲੇ ਆਗੂ ਵੱਲੋਂ ਇਹ ਕਹਿਣਾ ਕਿ ਪੰਜਾਬ ਵਿਚ ਵੀ ਹੁਣ ਅਸੀਂ ਕਮਲ ਦਾ ਫੁੱਲ ਖਿਲਾਵਾਗੇ ਵਿਚ ਕੋਈ ਵਜਨ ਦਲੀਲ ਨਜਰ ਨਹੀ ਆਉਦੀ । ਕਿਉਂਕਿ ਇਹ ਬਣਾਉਟੀ ਕਮਲ ਦਾ ਫੁੱਲ ਜਿਸ ਕੋਲ ਨਾ ਕੋਈ ਖੁਸਬੂ ਹੈ ਅਤੇ ਨਾ ਹੀ ਉਹ ਪੰਜਾਬੀਆਂ, ਸਿੱਖ, ਮੁਸਲਿਮ, ਦਲਿਤ, ਇਸਾਈਆ ਨੂੰ ਕਿਸੇ ਤਰ੍ਹਾਂ ਦੀ ਖੁਸਬੂ ਵੰਡ ਸਕਦੇ ਹਨ । ਬਲਕਿ ਫਿਰਕੂ ਸੋਚ ਅਧੀਨ ਫੈਲਾਈ ਜਾ ਰਹੀ ਸਮਾਜਿਕ ਬਦਬੂ ਵਿਚ ਵਾਧਾ ਕਰਨ ਵਾਲੀ ਪੰਜਾਬ ਤੇ ਸਿੱਖ ਕੌਮ ਵਿਰੋਧੀ ਬੀਜੇਪੀ-ਆਰ.ਐਸ.ਐਸ ਦੀ ਇਹ ਟੀਮ ਹੈ । ਇਸ ਲਈ ਪੰਜਾਬੀਆਂ ਅਤੇ ਸਿੱਖਾਂ ਦੇ ਲੰਮੇ ਸਮੇ ਤੋ ਹੱਕ ਕੁੱਚਲਣ ਵਾਲੀ ਅਤੇ ਬੇਇਨਸਾਫ਼ੀਆ ਕਰਨ ਵਾਲੀ ਬੀਜੇਪੀ-ਆਰ.ਐਸ.ਐਸ ਇਹ ਸੁਪਨੇ ਵਿਚ ਵੀ ਨਾ ਸੋਚਣ ਕਿ ਉਹ ਪੰਜਾਬੀਆਂ ਤੇ ਸਿੱਖ ਕੌਮ ਉਤੇ ਸਾਜਿਸਾਂ ਘੜਕੇ ਜਾਂ ਆਪਣੇ ਪਾਲੇ ਹੋਏ ਅਡਾਨੀ-ਅੰਬਾਨੀ ਵਰਗੇ ਵੱਡੇ ਉਦਯੋਗਪਤੀਆਂ ਦੇ ਧਨ-ਦੌਲਤਾਂ ਦੇ ਭੰਡਾਰਾਂ ਦੀ ਦੁਰਵਰਤੋ ਕਰਕੇ ਉਹ ਪੰਜਾਬ ਵਿਚ ਹਕੂਮਤ ਕਾਇਮ ਕਰ ਲੈਣਗੇ ਜਾਂ ਸਿਆਸੀ ਤੌਰ ਤੇ ਕੋਈ ਪ੍ਰਾਪਤੀ ਕਰ ਲੈਣਗੇ । ਪੰਜਾਬੀਆਂ ਤੇ ਸਿੱਖ ਕੌਮ ਨੂੰ ਸਿੱਖਾਂ ਤੇ ਪੰਜਾਬੀਆ ਦੀ ਕਾਤਲ ਤੇ



ਇਨਸਾਫ਼ੀ ਕਰਨ ਵਾਲੀਆ ਜਮਾਤਾਂ ਬੀਜੇਪੀ-ਆਰ.ਐਸ.ਐਸ ਉਨ੍ਹਾਂ ਦੇ ਭਾਈਵਾਲ ਬਾਦਲ ਦਲੀਆ, ਕਾਂਗਰਸ ਨੂੰ ਕੋਈ ਵੋਟ ਪਾ ਕੇ ਪੰਜਾਬੀਆਂ ਤੇ ਸਿੱਖ ਆਪਣੇ ਇਖਲਾਕ ਨੂੰ ਕਤਈ ਦਾਗੀ ਨਹੀ ਕਰਨਗੇ ।

ਇਹ ਵਿਚਾਰ ਸ. ਇਕਬਾਲ ਸਿੰਘ ਟਿਵਾਣਾ ਮੁੱਖ ਬੁਲਾਰਾ ਸਿਆਸੀ ਤੇ ਮੀਡੀਆ ਸਲਾਹਕਾਰ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਜੇਪੀ ਦੇ ਮੌਜੂਦਾ ਕੌਮੀ ਪ੍ਰਧਾਨ ਸ੍ਰੀ ਨਿਤਿਨ ਨਬੀਨ ਵੱਲੋ ਪੰਜਾਬੀਆਂ ਤੇ ਸਿੱਖਾਂ ਨੂੰ ਗੁੰਮਰਾਹ ਕਰਨ ਚਿੱਤ ਕਿ ਪੰਜਾਬ ਵਿਚ ਬੀਜੇਪੀ ਆਪਣੀ ਹਕੂਮਤ ਕਾਇਮ ਕਰੇਗੀ, ਦੇ ਦਿੱਤੇ ਖੋਖਲੇ ਅਤੇ ਨਿਰਆਧਾਰ ਬਿਆਨ ਉਤੇ ਤਿੱਖਾ ਪ੍ਰਤੀਕਰਮ ਜਾਹਰ ਕਰਦੇ ਹੋਏ ਅਤੇ ਉਨ੍ਹਾਂ ਵੱਲੋ ਪੰਜਾਬੀਆਂ ਤੇ ਸਿੱਖਾਂ ਪ੍ਰਤੀ ਲੰਮੇ ਸਮੇ ਤੋ ਅਪਣਾਈ ਜਾ ਰਹੀ ਵਿਰੋਧੀ ਨੀਤੀਆ ਤੋ ਪੰਜਾਬੀਆ ਤੇ ਸਿੱਖ ਕੌਮ ਨੂੰ ਸੁਚੇਤ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ 14 ਸਾਲਾਂ ਤੋ ਸੈਟਰ ਵਿਚ ਇਥੋ ਦੇ ਨਿਵਾਸੀਆ ਨੂੰ ਕਿਸੇ ਵੀ ਖੇਤਰ ਵਿਚ ਕਿਸੇ ਤਰ੍ਹਾਂ ਦੀ ਖੁਸਬੂ ਪ੍ਰਦਾਨ ਕਰਨ ਦੀ ਬਜਾਇ ਮੀਡੀਏ ਅਤੇ ਜਰਨਲਿਸਟਾਂ ਦੀ ਆਪਣੇ ਸਾਧਨਾਂ ਰਾਹੀ ਦੁਰਵਰਤੋ ਕਰਕੇ ਆਪਣੀਆ ਕੌਮਾਂਤਰੀ, ਮੁਲਕੀ ਪ੍ਰਾਪਤੀਆ ਸੰਬੰਧੀ ਗੁੰਮਰਾਹਕੁੰਨ ਪ੍ਰਚਾਰ ਹੀ ਕਰ ਰਹੀ ਹੈ ਇਸ ਪਾਰਟੀ ਦਾ ਕਾਂਗਰਸ ਜਮਾਤ ਨਾਲ ਮਿਲਕੇ ਸ੍ਰੀ ਦਰਬਾਰ ਸਾਹਿਬ ਉਤੇ ਹਮਲੇ ਸਮੇ ਦਿੱਤੇ ਬਿਆਨ ਕਿ ਇਹ ਹਮਲਾ 6 ਮਹੀਨੇ ਪਹਿਲਾ ਹੋਣਾ ਚਾਹੀਦਾ ਸੀ ਅਤੇ ਹਮਲੇ ਉਪਰੰਤ ਸ੍ਰੀ ਵਾਜਪਾਈ ਵੱਲੋ ਮਰਹੂਮ ਇੰਦਰਾ ਗਾਂਧੀ ਨੂੰ 'ਦੁਰਗਾਮਾਤਾ' ਦਾ ਖਿਤਾਬ ਦੇਣ ਅਤੇ ਸਾਜਸੀ ਢੰਗ ਨਾਲ ਨਰਸਿਮਾਰਾਓ ਸਰਕਾਰ ਸਮੇ ਉਨ੍ਹਾਂ ਨਾਲ ਮਿਲੀਭੁਗਤ ਕਰਕੇ ਮੁਸਲਿਮ ਕੌਮ ਦੀ ਬਾਬਰੀ ਮਸਜਿਦ ਢਹਿ-ਢੇਰੀ ਕਰਨ, ਗੁਰਦੁਆਰਾ ਗਿਆਨ ਗੋਦੜੀ, ਗੁਰਦੁਆਰਾ ਮੰਗੂਮੱਠ ਉਡੀਸਾ, ਸਿੱਕਮ ਵਿਚ ਗੁਰਦੁਆਰਾ ਡਾਗਮਾਰ ਢਹਿ-ਢੇਰੀ ਕਰਕੇ ਅਪਮਾਨ ਕਰਨ ਅਤੇ 1984 ਦੇ ਕਤਲੇਆਮ ਸਮੇ ਸਿੱਖਾਂ ਨੂੰ ਚੁਣਚੁਣਕੇ ਮਾਰਨ ਦੀਆਂ ਟੋਲੀਆ ਦੀ ਅਗਵਾਈ ਕਰਨ ਵਾਲੇ ਇਹ ਬੀਜੇਪੀ-ਆਰ.ਐਸ.ਐਸ ਅਤੇ ਕਾਂਗਰਸ ਦੇ ਆਗੂ ਹੀ ਸਨ ।

ਇਸ ਲਈ ਸਮੁੱਚੇ ਪੰਜਾਬੀਆਂ ਤੇ ਸਿੱਖ ਕੌਮ ਨੂੰ ਸਮੂਹਿਕ ਤੌਰ ਤੇ ਜਾਤ-ਪਾਤ, ਊਚ-ਨੀਚ, ਅਮੀਰ-ਗਰੀਬ ਅਤੇ ਹੋਰ ਸਮਾਜਿਕ ਵਖਰੇਵਿਆ ਤੋ ਉਪਰ ਉੱਠਕੇ ਅਜਿਹੀ ਹਿੰਦੂ, ਸਿੱਖ, ਮੁਸਲਿਮ, ਦਲਿਤ, ਕਿਸਾਨਾਂ, ਮੁਲਾਜਮਾਂ, ਵਿਦਿਆਰਥੀਆ, ਮਜਦੂਰਾਂ ਦੀ ਪੰਜਾਬ ਸੂਬੇ ਅਤੇ ਕੌਮੀ ਅਣਖ-ਸੋਚ ਨੂੰ ਪਿਆਰ ਕਰਨ ਵਾਲਿਆ ਨੂੰ ਆਉਣ ਵਾਲੇ ਸਮੇ ਵਿਚ ਆਪਣੀ ਵੋਟ ਸ਼ਕਤੀ ਦੀ ਸਹੀ ਅਤੇ ਸੂਝਵਾਨਤਾ ਨਾਲ ਵਰਤੋ ਕਰਕੇ ਆਪਣੀ ਸਾਂਝੀ ਸਰਕਾਰ ਪੰਜਾਬ ਵਿਚ ਕਾਇਮ ਕਰਨ ਲਈ ਮੁੱਖ ਭੂਮਿਕਾ ਨਿਭਾਉਣੀ ਬਣਦੀ ਹੈ। ਪੰਜਾਬ ਵਿਰੋਧੀ ਉਪਰੋਕਤ ਸਭ ਤਾਕਤਾਂ ਨੂੰ ਇਥੋ ਦੇ ਰਾਜ ਭਾਗ ਤੋ ਦੂਰ ਰੱਖਕੇ ਆਪਣੇ ਪੰਜਾਬ ਸੂਬੇ ਦੇ ਫਰਜਾਂ ਨੂੰ ਪੂਰਨ ਕਰਨਾ ਚਾਹੀਦਾ ਹੈ ।

ਪ੍ਰਧਾਨ ਮੰਤਰੀ ਮੋਦੀ ਅਤੇ ਨਿਪਾਲ ਦੇ ਪ੍ਰਧਾਨ ਮੰਤਰੀ ਬਲੇਂਦਰ ਸ਼ਾਹ ਵਿਚਕਾਰ ਦੁਵੱਲੀ ਗੱਲਬਾਤ

ਨਵੀਂ ਦਿੱਲੀ, 23 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਨਿਪਾਲ ਦੇ ਪ੍ਰਧਾਨ ਮੰਤਰੀ ਬਲੇਂਦਰ ਸ਼ਾਹ ਨੇ ਅੱਜ ਨਵੀਂ ਦਿੱਲੀ ਦੇ ਹੈਦਰਾਬਾਦ ਹਾਊਸ ਵਿਖੇ ਦੁਵੱਲੀ ਗੱਲਬਾਤ ਕੀਤੀ। ਪ੍ਰਧਾਨ ਮੰਤਰੀ ਵਜੋਂ ਅਹੁਦਾ ਸੰਭਾਲਣ ਤੋਂ ਬਾਅਦ ਇਹ ਬਲੇਂਦਰ ਸ਼ਾਹ ਦਾ ਭਾਰਤ ਦਾ ਪਹਿਲਾ ਅਧਿਕਾਰਤ ਦੁਵੱਲਾ ਦੌਰਾ ਹੈ। ਉਹ 22 ਨਵੰਬਰ ਨੂੰ ਦੋ ਦਿਨਾਂ ਦੌਰੇ ਲਈ ਭਾਰਤ ਪਹੁੰਚੇ ਸਨ। ਅੱਜ ਸਵੇਰੇ ਰਾਸ਼ਟਰਪਤੀ ਭਵਨ ਵਿਖੇ ਉਨ੍ਹਾਂ ਦਾ ਰਸਮੀ ਤੌਰ 'ਤੇ ਸਵਾਗਤ ਕੀਤਾ ਗਿਆ ਅਤੇ ਗਾਰਡ ਆਫ਼ ਆਨਰ ਪੇਸ਼ ਕੀਤਾ ਗਿਆ, ਜਿਸ ਤੋਂ ਬਾਅਦ ਉਹ ਮਹਾਤਮਾ ਗਾਂਧੀ ਨੂੰ ਸ਼ਰਧਾਂਜਲੀ ਦੇਣ ਲਈ ਰਾਜਘਾਟ ਗਏ।



ਦੋਵਾਂ ਨੇਤਾਵਾਂ ਦਰਮਿਆਨ ਵਪਾਰ, ਸੰਪਰਕ, ਊਰਜਾ, ਪਣ-ਬਿਜਲੀ, ਬੁਨਿਆਦੀ ਢਾਂਚਾ ਅਤੇ ਖੇਤਰੀ ਸਹਿਯੋਗ ਵਰਗੇ ਵਿਸ਼ਿਆਂ 'ਤੇ ਚਰਚਾ ਹੋਈ।

ਗੱਲਬਾਤ ਵਿਚ ਵੱਖ-ਵੱਖ ਖੇਤਰਾਂ ਵਿਚ ਸਮਝੌਤਿਆਂ (ਐਮ.ਓ.ਯੂ.) ਦਾ ਆਦਾਨ-ਪ੍ਰਦਾਨ ਅਤੇ ਅਯੁੱਧਿਆ-ਜਨਕਪੁਰ ਰੇਲ ਲਿੰਕ ਵਰਗੇ ਪ੍ਰੋਜੈਕਟਾਂ ਦਾ ਉਦਘਾਟਨ ਅਤੇ ਨੀਂਹ ਪੱਥਰ ਰੱਖਣ ਦੀ ਉਮੀਦ ਹੈ।

'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਲੋਹਾਰ ਮਾਜਰਾ ਅਤੇ ਗੁਰੂ ਨਾਨਕ ਨਗਰ ਵਿਖੇ ਜਾਗਰੂਕਤਾ ਕੈਂਪ ਲਗਾਏ



ਫ਼ਤਹਿਗੜ੍ਹ ਸਾਹਿਬ,23 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰ

ਸੰਪਾਦਕੀ

ਭਾਰਤੀ ਕਾਰਪੋਰੇਟ ਜਗਤ 'ਤੇ ਮੁਨਾਫ਼ੇ ਦੀ ਬੇਅੰਤ ਭੁੱਖ ਹੋਣ ਦਾ ਦੋਸ਼

ਬੀਤੇ ਦਿਨੀਂ ਪ੍ਰਧਾਨ ਮੰਤਰੀ ਨੇ ਭਾਰਤੀ ਕਾਰਪੋਰੇਟ ਜਗਤ 'ਤੇ ਤਿੱਖੀ ਚੋਟ ਕਰਦਿਆਂ ਉਨ੍ਹਾਂ 'ਤੇ ਮੁਨਾਫ਼ੇ ਦੀ ਬੇਅੰਤ ਭੁੱਖ ਹੋਣ ਦਾ ਦੋਸ਼ ਲਾਇਆ ਹੈ। ਉਨ੍ਹਾਂ ਦੀ ਇਹ ਤਿੱਖੀ ਆਲੋਚਨਾ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਦੀ ਉਸ ਚਿਤਾਵਨੀ ਤੋਂ ਬਾਅਦ ਆਈ ਹੈ, ਜਿਸ ਵਿੱਚ ਉਨ੍ਹਾਂ ਕਿਹਾ ਸੀ ਕਿ ਭਾਰਤ 'ਆਰਥਿਕ ਤਬਾਹੀ' ਦੇ ਕੰਢੇ ਖੜ੍ਹਾ ਹੈ ਅਤੇ ਦੇਸ਼ ਵਿੱਚ ਬੇਰੁਜ਼ਗਾਰੀ ਦੀ ਗੰਭੀਰ ਸਮੱਸਿਆ ਹੈ। ਪ੍ਰਧਾਨ ਮੰਤਰੀ ਦਾ ਇਹ ਤਿੱਖਾ ਸਵਾਲ ਕਿ ਕੀ ਖੁੱਲ੍ਹੀਆਂ ਟੈਕਸ ਛੋਟਾਂ ਲੈਣ ਤੋਂ ਬਾਅਦ ਕੰਪਨੀਆਂ ਨੇ ਤਨਖ਼ਾਹਾਂ ਵਧਾਈਆਂ ਹਨ ਜਾਂ ਨਵੇਂ ਰੁਜ਼ਗਾਰ ਪੈਦਾ ਕੀਤੇ ਹਨ ? ਇਹ ਸਵਾਲ ਗੰਭੀਰ ਵਿਚਾਰ ਦੀ ਮੰਗ ਕਰਦਾ ਹੈ। ਸਾਲ 2019 ਤੋਂ ਭਾਜਪਾ ਦੀ ਅਗਵਾਈ ਹੇਠਲੀ ਕੇਂਦਰ ਸਰਕਾਰ ਨੇ ਨਿਵੇਸ਼, ਉਤਪਾਦਨ ਅਤੇ ਰੁਜ਼ਗਾਰ ਨੂੰ ਹੁਲਾਰਾ ਦੇਣ ਦੇ ਮਕਸਦ ਨਾਲ ਮੂਲ ਕਾਰਪੋਰੇਟ ਟੈਕਸ ਦਰ 30 ਫ਼ੀਸਦੀ ਤੋਂ ਘਟਾ ਕੇ 22 ਫ਼ੀਸਦੀ ਕਰ ਦਿੱਤੀ ਸੀ। ਇਸ ਦੇ ਬਾਵਜੂਦ ਇਸ ਦੇ ਬਣਦੇ ਲਾਭ ਆਮ ਕਾਮਿਆਂ ਤੱਕ ਉਸ ਅਨੁਪਾਤ ਵਿੱਚ ਨਹੀਂ ਪਹੁੰਚੇ। ਕਾਰਪੋਰੇਟ ਮੁਨਾਫ਼ਿਆਂ ਵਿੱਚ ਵੱਡਾ ਉਛਾਲ ਆਇਆ ਹੈ ਅਤੇ ਨਿਫ਼ਟੀ-500 ਕੰਪਨੀਆਂ ਦੀ ਕਮਾਈ ਆਰਥਿਕਤਾ ਦੀ ਰਫ਼ਤਾਰ ਨਾਲੋਂ ਕਿਤੇ ਵੱਧ ਤੇਜ਼ੀ ਨਾਲ ਵਧੀ ਹੈ ਜਦੋਂਕਿ ਤਨਖ਼ਾਹਾਂ ਦੇ ਵਾਧੇ ਅਤੇ ਨਵੇਂ ਰੁਜ਼ਗਾਰ ਸਿਰਜਣ ਦੀ ਰਫ਼ਤਾਰ ਤੁਲਨਾਤਮਕ ਤੌਰ 'ਤੇ ਢਿੱਲੀ ਰਹੀ ਹੈ। ਇਹ ਪਾੜਾ ਉਦੋਂ ਹੋਰ ਵੀ ਚਿੰਤਾਜਨਕ ਬਣ ਜਾਂਦਾ ਹੈ ਜਦੋਂ ਮਹਿੰਗਾਈ ਘਰੇਲੂ ਬਜਟ 'ਤੇ ਲਗਾਤਾਰ ਦਬਾਅ ਪਾ ਰਹੀ ਹੋਵੇ। ਪਿਛਲੇ ਕੁਝ ਸਾਲਾਂ ਵਿੱਚ ਪੱਕੇ ਤਨਖ਼ਾਹਦਾਰ ਕਾਮਿਆਂ ਦੀਆਂ ਅਸਲ ਤਨਖ਼ਾਹਾਂ ਘਟੀਆਂ ਹਨ ਜਦੋਂਕਿ ਭਾਰਤ ਦੇ ਕਿਰਤ ਬਲ ਦਾ ਵੱਡਾ ਹਿੱਸਾ ਗ਼ੈਰ-ਰਸਮੀ ਅਤੇ ਗਿਗ ਰੁਜ਼ਗਾਰ ਨਾਲ ਜੁੜਿਆ ਹੋਇਆ ਹੈ। ਜੇ ਕਾਰਪੋਰੇਟ ਖਾਤੇ ਤਾਂ ਮਜ਼ਬੂਤ ਹੁੰਦੇ ਜਾਣ ਪਰ ਕਾਮਿਆਂ ਦੀ ਖ਼ਰੀਦ ਸ਼ਕਤੀ ਕਾਇਮ ਰੱਖਣ ਵਿੱਚ ਹੀ ਮੁਸ਼ਕਿਲ ਆਵੇ ਤਾਂ ਅਜਿਹੇ ਆਰਥਿਕ ਵਾਧੇ ਨੂੰ ਸਭ ਦੀ ਸ਼ਮੂਲੀਅਤ ਵਾਲਾ ਨਹੀਂ ਕਿਹਾ ਜਾ ਸਕਦਾ। ਪ੍ਰਧਾਨ ਮੰਤਰੀ ਹੁਣ ਰਾਹੁਲ ਅਤੇ ਵਿਰੋਧੀ ਧਿਰ ਦੇ ਹੋਰ ਆਗੂਆਂ ਵੱਲੋਂ ਉਨ੍ਹਾਂ 'ਤੇ ਲਾਏ ਗਏ 'ਕਾਰਪੋਰੇਟ-ਪੱਖੀ' ਹੋਣ ਦੇ ਠੱਪੇ ਨੂੰ ਲਾਹ ਸੁੱਟਣ ਦੇ ਇਛੁੱਕ ਜਾਪਦੇ ਹਨ। ਹਾਲਾਂਕਿ, ਸਰਕਾਰ ਨੂੰ ਵੀ ਆਪਣੇ ਹਿੱਸੇ ਦੀ ਜ਼ਿੰਮੇਵਾਰੀ ਕਬੂਲਣੀ ਚਾਹੀਦੀ ਹੈ। ਇਕੱਲੀਆਂ ਟੈਕਸ ਛੋਟਾਂ ਰੁਜ਼ਗਾਰ ਦੀ ਗਾਰੰਟੀ ਨਹੀਂ ਦੇ ਸਕਦੀਆਂ। ਨੀਤੀਆਂ ਵਿੱਚ ਸਥਿਰਤਾ, ਘਰੇਲੂ ਮੰਗ ਵਿੱਚ ਮਜ਼ਬੂਤੀ, ਨਿਰਪੱਖ ਮੁਕਾਬਲਾ, ਛੋਟੇ ਕਾਰੋਬਾਰਾਂ ਨੂੰ ਸਹਾਰਾ ਅਤੇ ਹੁਨਰ ਵਿਕਾਸ 'ਤੇ ਨਿਵੇਸ਼ ਵੀ ਓਨੇ ਹੀ ਜ਼ਰੂਰੀ ਹਨ। ਮਹਿੰਗਾਈ, ਬੇਰੁਜ਼ਗਾਰੀ ਅਤੇ ਆਰਥਿਕ ਨਾਬਰਾਬਰੀ ਬਾਰੇ ਵਿਰੋਧੀ ਧਿਰ ਦਾ ਫ਼ਿਕਰ ਵੀ ਖੁੱਲ੍ਹੀ ਤੇ ਪਾਰਦਰਸ਼ੀ ਜਨਤਕ ਪੜਚੋਲ ਦਾ ਹੱਕਦਾਰ ਹੈ।

ਸਰਕਾਰੀ ਰਿਆਇਤਾਂ ਦਾ ਅਸਲ ਲਾਭ ਆਮ ਲੋਕਾਂ ਨੂੰ ਮਿਲਣਾ ਚਾਹੀਦਾ ਹੈ, ਨਾ ਕਿ ਸਿਰਫ਼ ਸ਼ੇਅਰਧਾਰਕਾਂ ਦੇ ਮੁਨਾਫ਼ੇ ਵਧਣੇ ਚਾਹੀਦੇ ਹਨ। ਭਾਰਤ ਦੀ ਆਰਥਿਕ ਕਾਮਯਾਬੀ ਨੂੰ ਜੀ ਡੀ ਪੀ ਵਾਧੇ ਨਾਲੋਂ ਵੱਧ ਬਿਹਤਰ ਰੁਜ਼ਗਾਰ, ਵਾਜਬ ਉਜਰਤਾਂ ਅਤੇ ਉੱਚੇ ਰਹਿਣ-ਸਹਿਣ ਦੇ ਪੱਧਰ ਨਾਲ ਪਰਖਿਆ ਜਾਣਾ ਚਾਹੀਦਾ ਹੈ। 'ਵਿਕਸਿਤ ਭਾਰਤ' ਉਦੋਂ ਤੱਕ ਇੱਕ ਕੋਰਾ ਸੁਫ਼ਨਾ ਹੀ ਬਣਿਆ ਰਹੇਗਾ, ਜਦੋਂ ਤੱਕ ਖ਼ੁਸ਼ਹਾਲੀ ਭਾਰਤ ਦੇ ਬਹੁਗਿਣਤੀ ਨਾਗਰਿਕਾਂ ਦੀ ਪਹੁੰਚ ਤੋਂ ਦੂਰ ਰਹੇਗੀ।

-ਛੱਤਰਪਾਲ ਸਿੰਘ ਚੌਧਰੀ

ਕਿਰਤ ਭੁੱਲੇ, ਸੌਖੀ ਮਾਇਆ 'ਤੇ ਡੁੱਲੇ.



ਗੁਰਮੀਤ ਸਿੰਘ ਤੁੰਗ
9855221193

ਇਨਸਾਨ ਦੀ ਜ਼ਿੰਦਗੀ ਵਿੱਚ ਸਭ ਤੋਂ ਵੱਡਾ ਪਤਨ ਉਸ ਵੇਲੇ ਨਹੀਂ ਹੁੰਦਾ, ਜਦੋਂ ਉਸ ਕੋਲ ਪੈਸਾ ਘਟ ਜਾਂਦਾ ਹੈ, ਸਗੋਂ ਉਦੋਂ ਹੁੰਦਾ ਹੈ ਜਦੋਂ ਉਸ ਦੀ ਸੋਚ ਵਿੱਚੋਂ ਮਿਹਨਤ, ਇਮਾਨਦਾਰੀ ਅਤੇ ਸਬਰ ਦੀ ਥਾਂ ਲਾਲਚ, ਛੇਤੀ ਅਮੀਰ ਬਣਨ ਦੀ ਖ਼ਾਹਿਸ਼ ਤੇ ਦੂਜਿਆਂ ਨੂੰ ਪਛਾੜਨ ਦੀ ਧੁਨ ਘਰ ਕਰ ਜਾਂਦੀ ਹੈ। ਅਜਿਹੇ ਪਤਨ ਦੀ ਕਹਾਣੀ ਸਿਰਫ਼ ਇਕ ਵਿਅਕਤੀ ਦੀ ਨਹੀਂ ਰਹਿੰਦੀ, ਸਗੋਂ ਉਸ ਦੇ ਪਰਿਵਾਰ, ਕਾਰੋਬਾਰ, ਸਾਥੀਆਂ, ਮੁਲਾਜ਼ਮਾਂ ਅਤੇ ਸਮਾਜ ਲਈ ਵੀ ਸਬਕ ਬਣ ਜਾਂਦੀ ਹੈ।

ਇਕ ਅਜਿਹਾ ਮਨੁੱਖ ਸੀ, ਜੋ ਰੱਬ ਨੂੰ ਮੰਨਦਾ ਸੀ, ਆਪਣਾ ਕਾਰੋਬਾਰ ਚਲਾਉਂਦਾ ਸੀ ਅਤੇ ਰਵਾਇਤੀ ਤੌਰ 'ਤੇ ਮਿਹਨਤ ਨਾਲ ਰੋਜ਼ੀ ਕਮਾਉਣ ਦੀ ਰਾਹ 'ਤੇ ਤੁਰਿਆ ਹੋਇਆ ਸੀ। ਉਸ ਦੇ ਦੋ ਪੁੱਤਰ ਸਨ। ਪਰ ਜ਼ਿੰਦਗੀ ਦੇ ਇਕ ਮੋੜ 'ਤੇ ਉਸ ਨੂੰ ਇਹ ਭਰਮ ਪੈ ਗਿਆ ਕਿ ਇਮਾਨਦਾਰੀ ਨਾਲ ਕਮਾਈ ਕਰਨ ਵਾਲੇ ਰਾਹ ਨਾਲੋਂ ਮਾੜੇ ਕੰਮਾਂ ਰਾਹੀਂ ਪੈਸਾ ਵਧੇਰੇ ਤੇ ਛੇਤੀ ਕਮਾਇਆ ਜਾ ਸਕਦਾ ਹੈ। ਇਹ ਸੋਚ ਉਸ ਦੇ ਕਾਰੋਬਾਰੀ ਫ਼ੈਸਲਿਆਂ ਦਾ ਮੋੜ ਬਣ ਗਈ। ਜਿੱਥੇ ਪਹਿਲਾਂ ਮਿਹਨਤ, ਸਾਫ਼-ਸੁਥਰੀ ਕਮਾਈ ਅਤੇ ਲੰਮੇ ਸਮੇਂ ਦੀ ਕਾਰੋਬਾਰੀ ਸਾਂਝ ਅਹਿਮ ਸੀ, ਉੱਥੇ ਹੁਣ ਮੁਨਾਫ਼ੇ ਦੀ ਅੰਨ੍ਹੀ ਦੌੜ ਨੇ ਜਗ੍ਹਾ ਲੈ ਲਈ।

ਇਸ ਬਦਲਾਅ ਨੂੰ ਪਰਿਵਾਰ ਦੇ ਛੋਟੇ ਪੁੱਤਰ ਨੇ ਸਵੀਕਾਰ ਨਹੀਂ ਕੀਤਾ। ਉਸ ਨੇ ਪਿਤਾ ਦੀ ਚੋਣ ਨੂੰ ਗ਼ਲਤ ਸਮਝਦਿਆਂ ਆਪਣਾ ਰਾਹ ਵੱਖਰਾ ਕਰ ਲਿਆ ਅਤੇ ਮਿਹਨਤ ਦੀ ਕਿਰਤ ਨਾਲ ਆਪਣੀ ਜ਼ਿੰਦਗੀ ਅੱਗੇ ਤੋਰਨ ਦਾ ਫ਼ੈਸਲਾ ਕੀਤਾ। ਉਸ ਨੇ ਦਸਾਂ ਨਹੁੰਆਂ ਦੀ ਕਿਰਤ ਨੂੰ ਆਪਣਾ ਆਧਾਰ ਬਣਾਇਆ। ਦੂਜੇ ਪਾਸੇ, ਪਿਤਾ ਅਤੇ ਵੱਡੇ ਪੁੱਤਰ ਨੇ ਪੁਰਾਣਾ ਕਾਰੋਬਾਰ ਸਮੇਟ ਕੇ ਗ਼ਲਤ ਰਾਹ ਤੋਂ ਵੱਡੀ ਕਮਾਈ ਕਰਨ ਦੀ ਜੁਗਤ ਬਣਾਈ। ਇਸ ਜੁਗਤ ਨੂੰ ਵੱਡਾ ਰੂਪ ਦੇਣ ਲਈ ਬੈਂਕਾਂ ਤੋਂ ਕਰੋੜਾਂ ਦੇ ਕਰਜ਼ੇ ਲਏ ਗਏ, ਤਾਂ ਜੋ ਕਾਰੋਬਾਰ ਨੂੰ ਵੱਡੇ ਪੱਧਰ 'ਤੇ ਫੈਲਾਇਆ ਜਾ ਸਕੇ।

ਸ਼ੁਰੂਆਤੀ ਦੌਰ ਵਿੱਚ ਕਿਸਮਤ ਨੇ ਸਾਥ ਦਿੱਤਾ। ਮੁਨਾਫ਼ਾ ਹੋਇਆ, ਗਾਹਕ ਬਣੇ ਅਤੇ ਕਾਰੋਬਾਰ ਦੀ ਚਮਕ ਨੇ ਇਸ ਪਰਿਵਾਰ ਨੂੰ ਇਹ ਭਰਮ ਪਾ ਦਿੱਤਾ ਕਿ ਉਨ੍ਹਾਂ ਨੇ ਸਫ਼ਲਤਾ ਦਾ ਕੋਈ ਅਜਿਹਾ ਰਾਜ਼ ਲੱਭ ਲਿਆ ਹੈ, ਜਿਸ ਤੋਂ ਆਮ ਮਿਹਨਤਕਸ਼ ਲੋਕ ਅਣਜਾਣ ਹਨ। ਪਰ ਗ਼ਲਤ ਰਾਹ ਦੀ ਕਮਾਈ ਦਾ ਸਭ ਤੋਂ ਵੱਡਾ ਸੰਕਟ ਇਹ ਹੁੰਦਾ ਹੈ ਕਿ ਇਸ ਦੀ ਸਥਿਰਤਾ ਨੈਤਿਕਤਾ, ਭਰੋਸੇ ਅਤੇ ਸਮਾਜਕ ਜ਼ਿੰਮੇਵਾਰੀ ਨਾਲ ਨਹੀਂ, ਸਗੋਂ ਬਦਲਦੇ ਲਾਲਚ, ਮੁਕਾਬਲੇ ਅਤੇ ਅਸਥਾਈ ਮੰਗ ਨਾਲ ਜੁੜੀ ਹੁੰਦੀ ਹੈ।

ਜਦੋਂ ਹੋਰਨਾਂ ਲੋਕਾਂ ਨੇ ਵੀ ਉਹੀ ਗ਼ਲਤ ਕੰਮ ਅਪਣਾ ਲਿਆ, ਤਾਂ ਮੁਕਾਬਲਾ ਵਧਣ ਲੱਗਾ। ਗਾਹਕ ਵੰਡੇ ਗਏ, ਮੁਨਾਫ਼ੇ ਦੀ ਧਾਰ ਮੱਠੀ ਪੈ ਗਈ ਅਤੇ ਕਾਰੋਬਾਰ ਦੀ ਪਹਿਲਾਂ ਵਾਲੀ ਰਫ਼ਤਾਰ ਥੰਮਣ ਲੱਗੀ। ਪਰ ਕਰੋੜਾਂ ਦਾ ਕਰਜ਼ਾ ਆਪਣੀ ਥਾਂ ਖੜ੍ਹਾ ਸੀ। ਬੈਂਕਾਂ ਦੀਆਂ ਕਿਸ਼ਤਾਂ, ਵਿਆਜ ਅਤੇ ਵਿੱਤੀ ਜ਼ਿੰਮੇਵਾਰੀਆਂ ਨੇ ਕਾਰੋਬਾਰ ਨੂੰ ਘੇਰ ਲਿਆ। ਹੌਲੀ-ਹੌਲੀ ਕਰਜ਼ਾ ਨਾ ਚੁਕਾਉਣ ਦੀ ਹਾਲਤ ਬਣੀ ਅਤੇ ਖਾਤੇ ਉੱਤੇ ਐਨ.ਪੀ.ਏ. (ਗ਼ੈਰ-ਕਾਰਗੁਜ਼ਾਰ ਸੰਪਤੀ) ਦੀ ਮੋਹਰ ਲੱਗਣ ਵਾਲੀ ਸਥਿਤੀ ਪੈਦਾ ਹੋ ਗਈ। ਇਹ ਸਿਰਫ਼ ਅੰਕੜਿਆਂ ਦੀ ਹਾਰ ਨਹੀਂ, ਸਗੋਂ ਗ਼ਲਤ ਵਿੱਤੀ ਸੋਚ, ਬੇਲਗਾਮ ਵਿਸਥਾਰ ਅਤੇ ਅਸਥਿਰ ਕਾਰੋਬਾਰੀ ਨੀਤੀ ਦਾ ਨਤੀਜਾ ਵੀ ਹੈ। ਉਧਰ, ਛੋਟਾ ਪੁੱਤਰ ਆਪਣੀ ਮਿਹਨਤ, ਸਬਰ ਅਤੇ ਸਹੀ ਰਾਹ ਦੀ ਚੋਣ ਨਾਲ ਅੱਗੇ ਵਧਦਾ ਰਿਹਾ। ਇਹ ਅੰਤਰ ਸਾਨੂੰ ਸਮਝਾਉਂਦਾ ਹੈ ਕਿ ਸਫ਼ਲਤਾ ਹਮੇਸ਼ਾ ਛੇਤੀ ਪੈਸਾ ਇਕੱਠਾ ਕਰਨ ਨਾਲ ਨਹੀਂ ਆਉਂਦੀ; ਕਈ ਵਾਰ ਸਫ਼ਲਤਾ ਦੀ ਅਸਲ ਨੀਂਹ ਉਹ ਹੁੰਦੀ ਹੈ, ਜਿਸ ਨੂੰ ਬਣਾਉਣ ਲਈ ਮਨੁੱਖ ਸਾਲਾਂ ਤੱਕ ਪਸੀਨਾ ਵਹਾਉਂਦਾ ਹੈ। ਇਸ ਪਰਿਵਾਰ ਦਾ ਇਕ ਹੋਰ ਦੁਖਦਾਈ ਪੱਖ ਇਹ ਹੈ ਕਿ ਜਦੋਂ ਪੁਰਾਣੇ ਗ਼ਲਤ ਰਾਹ ਦਾ ਕਾਰੋਬਾਰ ਡਿੱਗਣ ਲੱਗਾ, ਤਾਂ ਉਸੇ ਮਨੁੱਖ ਨੇ ਮੁੜ ਆਪਣੇ ਪਹਿਲਾਂ ਵਾਲੇ ਕਾਰੋਬਾਰ ਵੱਲ ਪਰਤਣ ਦਾ ਫ਼ੈਸਲਾ ਕੀਤਾ। ਪਰ ਕਾਰੋਬਾਰ ਮੁੜ ਖੜ੍ਹਾ ਕਰਨਾ ਕੋਈ ਜਾਦੂ ਨਹੀਂ। ਇਸ ਲਈ ਸਮਾਂ, ਮਿਹਨਤ, ਪ੍ਰਬੰਧਨ, ਸਹੀ ਮੁਲਾਜ਼ਮ, ਭਰੋਸਾ, ਗੁਣਵੱਤਾ ਅਤੇ ਸਭ ਤੋਂ ਵੱਧ ਸਬਰ ਦੀ ਲੋੜ ਹੁੰਦੀ ਹੈ। ਜਿਹੜਾ ਮਨੁੱਖ ਛੇਤੀ ਪੈਸਾ ਕਮਾਉਣ ਦੀ ਆਦਤ ਪਾ ਚੁੱਕਾ ਹੋਵੇ, ਉਸ ਲਈ ਹੌਲੀ-ਹੌਲੀ ਕਾਰੋਬਾਰ ਨੂੰ ਪੈਰਾਂ 'ਤੇ ਖੜ੍ਹਾ ਕਰਨਾ ਸਭ ਤੋਂ ਔਖਾ ਕੰਮ ਬਣ ਜਾਂਦਾ ਹੈ। ਸਬਰ ਦੀ ਘਾਟ ਉਸ ਦੇ ਸੁਭਾਅ ਵਿੱਚ ਵੀ ਝਲਕਣ ਲੱਗੀ। ਮੁਲਾਜ਼ਮਾਂ ਨਾਲ ਤਕਰਾਰ, ਵਾਰ-ਵਾਰ ਝਿੜਕਾਂ ਅਤੇ ਕੰਮ ਦੇ ਮਾਹੌਲ ਵਿੱਚ ਤਣਾਅ ਨੇ ਕਾਰੋਬਾਰ ਦੀ ਜੜ੍ਹ ਨੂੰ ਹੋਰ ਕਮਜ਼ੋਰ ਕੀਤਾ। ਜਦੋਂ ਕਿਸੇ ਸੰਸਥਾ ਵਿੱਚ ਮੁਲਾਜ਼ਮ ਡਰ, ਅਪਮਾਨ ਜਾਂ ਅਸਥਿਰਤਾ ਮਹਿਸੂਸ ਕਰਦੇ ਹਨ, ਤਾਂ ਉਨ੍ਹਾਂ ਦੀ ਟਿਕਾਊ ਸਾਂਝ ਬਣਨਾ ਔਖਾ ਹੋ ਜਾਂਦਾ ਹੈ। ਨਿੱਤ ਨਵੇਂ ਮੁਲਾਜ਼ਮ ਆਉਣਾ ਅਤੇ ਥੋੜ੍ਹੇ ਸਮੇਂ ਬਾਅਦ ਚਲੇ ਜਾਣਾ ਕਿਸੇ ਵੀ ਕਾਰੋਬਾਰ ਲਈ ਚਿੰਤਾ ਦਾ ਵਿਸ਼ਾ ਹੈ। ਤਜਰਬੇ ਦੀ ਘਾਟ, ਕੰਮ ਦੀ ਅਸਥਿਰਤਾ ਅਤੇ ਪ੍ਰਬੰਧਕੀ ਕਮਜ਼ੋਰੀਆਂ ਅਕਸਰ ਕਾਰੋਬਾਰ ਦੀ ਉਤਪਾਦਕਤਾ ਨੂੰ ਪ੍ਰਭਾਵਿਤ ਕਰਦੀਆਂ ਹਨ।ਹੁਣ ਘੱਟ ਤਨਖ਼ਾਹ, ਤਰਸ ਜਾਂ ਮਜਬੂਰੀ ਦੇ ਆਧਾਰ 'ਤੇ ਨਵੇਂ ਨੌਜਵਾਨਾਂ ਨੂੰ ਰੱਖ ਕੇ ਉਨ੍ਹਾਂ ਤੋਂ ਵੱਡੇ ਨਤੀਜਿਆਂ ਦੀ ਆਸ ਕਰਨਾ ਵੀ ਇਕ ਅਜਿਹੀ ਸੋਚ ਹੈ, ਜੋ ਕਾਰੋਬਾਰ ਦੀ ਮਜ਼ਬੂਤੀ ਨਹੀਂ, ਸਗੋਂ ਉਸ ਦੀ ਕਮਜ਼ੋਰੀ ਨੂੰ ਦਰਸਾਉਂਦੀ ਹੈ। ਯੋਗਤਾ ਅਤੇ ਤਜਰਬੇ ਤਹਿਤ ਨੌਜਵਾਨਾਂ ਨੂੰ ਮੌਕਾ ਦੇਣਾ ਚੰਗੀ ਗੱਲ ਹੈ, ਪਰ ਉਹਨਾਂ ਨਾਲ ਬਹੁਤ ਘੱਟ ਪੜੇ ਲਿਖੇ, ਤਰਸ ਜਾਂ ਬਹੁਤ ਘੱਟ ਤਨਖਾਹ ਤੇ ਭਰਤੀ ਕਿਤੇ ਗ਼ੈਰ ਤਜਰਬੇਕਾਰ ਕਰਮਚਾਰੀਆਂ ਨੂੰ ਦਬਾਵ ਹੇਠ ਕੰਮ ਸਿਖਾਉਣ ਦੀ ਕੋਸ਼ਿਸ਼, ਤਨਖਾਹ ਰੋਕਣ ਅਤੇ ਇਹਨਾਂ ਨਾ ਕਾਬਿਲ ਅਤੇ ਗ਼ੈਰ ਤਜਰਬੇਕਾਰਾਂ ਨੂੰ ਤਰਜੀਹ ਦੇਣੀ ਇਹ ਦਿਮਾਗ਼ ਦਾ ਦਿਵਾਲੀਆਂ ਪਣ ਅਤੇ ਪੈਸਾ ਬਚੌਉਣ ਦੀ ਪਰਾਕਾਸ਼ਠਾ ਹੈ। ਯੋਗ ਅਤੇ ਤਜਰਬੇਕਾਰ ਕਰਮਚਾਰੀਆਂ ਨੂੰ ਢੁੱਕਵੀਂ ਤਨਖ਼ਾਹ, ਇੱਜ਼ਤ, ਸਹਿਯੋਗ ਅਤੇ ਮਾਹੌਲ ਦੇਣਾ ਵੀ ਮਾਲਕ ਦੀ ਜ਼ਿੰਮੇਵਾਰੀ ਹੈ। ਘੱਟ ਸਰੋਤਾਂ ਨਾਲ ਵੱਡੀਆਂ ਉਮੀਦਾਂ ਰੱਖਣਾ ਅਤੇ ਹਰ ਅਸਫ਼ਲਤਾ ਦਾ ਦੋਸ਼ ਮੁਲਾਜ਼ਮਾਂ 'ਤੇ ਲਾਉਣਾ ਕਾਰੋਬਾਰੀ ਸਿਆਣਪ ਨਹੀਂ।

ਇਸ ਕਹਾਣੀ ਵਿੱਚ ਪਰਿਵਾਰਕ ਤਣਾਅ ਵੀ ਵਿੱਤੀ ਦਬਾਅ ਨਾਲ ਜੁੜਦਾ ਜਾ ਰਿਹਾ ਹੈ। ਕਰਜ਼ੇ ਦੀ ਦਲਦਲ, ਕਾਰੋਬਾਰ ਦੀ ਅਨਿਸ਼ਚਿਤਤਾ, ਘਰ ਦੇ ਖ਼ਰਚੇ ਅਤੇ ਆਪਸੀ ਉਮੀਦਾਂ ਜਦੋਂ ਇਕੱਠੀਆਂ ਹੋ ਜਾਂਦੀਆਂ ਹਨ, ਤਾਂ ਪਰਿਵਾਰਕ ਰਿਸ਼ਤੇ ਵੀ ਪ੍ਰਭਾਵਿਤ ਹੋ ਸਕਦੇ ਹਨ। ਪੈਸੇ ਦੀ ਅੰਨ੍ਹੀ ਦੌੜ ਕਈ ਵਾਰ ਮਨੁੱਖ ਨੂੰ ਆਪਣੇ ਹੀ ਪਰਿਵਾਰ ਦੀਆਂ ਅਸਲ ਲੋੜਾਂ, ਭਾਵਨਾਵਾਂ ਅਤੇ ਭਵਿੱਖ ਤੋਂ ਦੂਰ ਕਰ ਦਿੰਦੀ ਹੈ। ਪਰਿਵਾਰ ਦੀ ਖ਼ੁਸ਼ਹਾਲੀ ਸਿਰਫ਼ ਵੱਡੇ ਬੈਂਕ ਖਾਤਿਆਂ ਜਾਂ ਕਾਰੋਬਾਰੀ ਅੰਕੜਿਆਂ ਨਾਲ ਨਹੀਂ ਮਾਪੀ ਜਾ ਸਕਦੀ; ਇਸ ਦੀ ਅਸਲ ਪੂੰਜੀ ਭਰੋਸਾ, ਸਾਂਝ, ਸਿਹਤਮੰਦ ਰਿਸ਼ਤੇ ਅਤੇ ਆਰਥਿਕ ਸੂਝ-ਬੂਝ ਹੁੰਦੀ ਹੈ। ਸਭ ਤੋਂ ਵੱਡਾ ਸਵਾਲ ਧਾਰਮਿਕ ਦਿਖਾਵੇ ਅਤੇ ਅਸਲ ਜੀਵਨ ਦੇ ਕਰਮਾਂ ਵਿਚਲੇ ਫ਼ਰਕ ਦਾ ਹੈ। ਹੱਥ ਵਿੱਚ ਮਾਲਾ, ਮੱਥੇ 'ਤੇ ਟਿੱਕਾ, ਧਾਰਮਿਕ ਅਸਥਾਨਾਂ ਨਾਲ ਸਾਂਝ ਜਾਂ ਰੱਬ ਦੇ ਨਾਮ ਦਾ ਜਾਪ ਆਪਣੇ ਆਪ ਵਿੱਚ ਕਿਸੇ ਮਨੁੱਖ ਦੇ ਚੰਗੇ ਚਰਿੱਤਰ ਦੀ ਗਾਰੰਟੀ ਨਹੀਂ। ਧਰਮ ਦੀ ਅਸਲ ਪਰਖ ਉਸ ਦੇ ਵਿਹਾਰ, ਇਮਾਨਦਾਰੀ, ਦੂਜਿਆਂ ਦੇ ਹੱਕਾਂ ਦੀ ਰਾਖੀ, ਮੁਲਾਜ਼ਮਾਂ ਨਾਲ ਸਲੂਕ, ਕਰਜ਼ੇ ਦੀ ਜ਼ਿੰਮੇਵਾਰੀ ਅਤੇ ਆਪਣੀ ਕਮਾਈ ਦੇ ਸਰੋਤਾਂ ਵਿੱਚ ਹੁੰਦੀ ਹੈ। ਜੇ ਧਾਰਮਿਕਤਾ ਮਨੁੱਖ ਨੂੰ ਸੱਚ, ਸੰਜਮ, ਦਇਆ ਅਤੇ ਜ਼ਿੰਮੇਵਾਰੀ ਵੱਲ ਨਹੀਂ ਲੈ ਜਾਂਦੀ, ਤਾਂ ਉਸ ਦੀ ਬਾਹਰੀ ਚਮਕ ਅੰਦਰਲੀ ਖ਼ਾਲੀਪਣ ਨੂੰ ਨਹੀਂ ਢੱਕ ਸਕਦੀ।

ਇਹ ਕਹਾਣੀ ਕਿਸੇ ਵਿਅਕਤੀ ਨੂੰ ਨਿੱਜੀ ਤੌਰ 'ਤੇ ਕਟਹਿਰੇ ਵਿੱਚ ਖੜ੍ਹਾ ਕਰਨ ਨਾਲੋਂ ਵੱਧ ਇਕ ਸਮਾਜਕ ਅਤੇ ਕਾਰੋਬਾਰੀ ਚੇਤਾਵਨੀ ਹੈ। ਛੇਤੀ ਅਮੀਰ ਬਣਨ ਦੀ ਲਾਲਸਾ, ਕਰਜ਼ੇ ਨਾਲ ਬੇਲਗਾਮ ਵਿਸਥਾਰ, ਮੁਲਾਜ਼ਮਾਂ ਦੀ ਬੇਕਦਰੀ, ਸਬਰ ਦੀ ਘਾਟ ਅਤੇ ਧਰਮ ਨੂੰ ਸਿਰਫ਼ ਦਿਖਾਵੇ ਤੱਕ ਸੀਮਤ ਕਰ ਦੇਣਾ— ਇਹ ਸਭ ਕਿਸੇ ਵੀ ਪਰਿਵਾਰ ਜਾਂ ਕਾਰੋਬਾਰ ਨੂੰ ਅੰਦਰੋਂ ਖੋਖਲਾ ਕਰ ਸਕਦੇ ਹਨ। ਪੈਸਾ ਕਮਾਉਣ ਦੀ ਜੁਗਤ ਮਨੁੱਖ ਨੂੰ ਅਮੀਰ ਬਣਾ ਸਕਦੀ ਹੈ, ਪਰ ਪੈਸੇ ਦੀ ਅੰਨ੍ਹੀ ਭੁੱਖ ਉਸ ਨੂੰ ਆਪਣੀ ਹੀ ਬਣਾਈ ਦੁਨੀਆ ਦਾ ਕੈਦੀ ਵੀ ਬਣਾ ਸਕਦੀ ਹੈ।

ਅਸਲ ਕਮਾਈ ਉਹ ਹੈ, ਜਿਸ ਵਿੱਚ ਰੋਟੀ ਵੀ ਇਮਾਨ ਦੀ ਹੋਵੇ, ਕਾਰੋਬਾਰ ਵੀ ਸਬਰ ਨਾਲ ਚੱਲੇ, ਮੁਲਾਜ਼ਮ ਵੀ ਇੱਜ਼ਤ ਨਾਲ ਜੀਣ ਅਤੇ ਪਰਿਵਾਰ ਵੀ ਸੁੱਖ ਦੀ ਛਾਂ ਹੇਠ ਰਹੇ। ਨਹੀਂ ਤਾਂ ਮਾਲਾ ਦੇ ਮਣਕੇ ਭਾਵੇਂ ਕਿੰਨੇ ਵੀ ਘੁੰਮਣ, ਮਨੁੱਖ ਦੇ ਕਰਮਾਂ ਦਾ ਹਿਸਾਬ ਉਸ ਦੀ ਆਪਣੀ ਜ਼ਿੰਦਗੀ ਹੀ ਲਿਖਦੀ ਹੈ।

ਸ਼੍ਰੀ ਸਨਾਤਨ ਧਰਮ ਟਰੱਸਟ ਵੱਲੋਂ



ਆਵਰ ਲੇਡੀ ਆਫ਼ ਫਾਤਿਮਾ ਕਾਨਵੈਂਟ ਸਕੂਲ ਵਿੱਚ ਦੋ ਰੋਜ਼ਾ ਸਾਲਾਨਾ ਸਮਾਗਮ, ਵਿਦਿਆਰਥੀਆਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨੇ ਮਹਿਮਾਨਾਂ ਦਾ ਮਨ ਮੋਹਿਆ

ਪਟਿਆਲਾ, 23 ਨਵੰਬਰ
-ਛਤਰਪਾਲ ਸਿੰਘ-

ਵਿੱਦਿਆ ਦੇ ਖੇਤਰ ਵਿੱਚ ਅਹਿਮ ਭੂਮਿਕਾ ਨਿਭਾ ਰਹੇ ਪਟਿਆਲਾ ਦੇ ਆਵਰ ਲੇਡੀ ਆਫ਼ ਫਾਤਿਮਾ ਕਾਨਵੈਂਟ ਸਕੂਲ ਵੱਲੋਂ ਦੋ ਰੋਜ਼ਾ ਸਾਲਾਨਾ ਵਿਦਿਆਰਥੀ ਸੱਭਿਆਚਾਰਕ ਸਮਾਗਮ ਕਰਵਾਇਆ ਗਿਆ।



ਭਾਰਤ ਵਿੱਚ ਸੀ.ਐੱਫ.ਐੱਮ.ਐੱਸ.ਐੱਸ. ਮਿਸ਼ਨ ਦੇ 125 ਸਾਲ ਪੂਰੇ ਹੋਣ ਦੀ ਯਾਦ ਵਿੱਚ ਇਸ ਸਮਾਗਮ ਦਾ ਵਿਸ਼ਾ * ਸਮੁੰਦਰਾਂ ਤੋਂ ਪਾਰ ਚਾਨਣ * ਰੱਖਿਆ ਗਿਆ।

ਸਮਾਗਮ ਦੇ ਪਹਿਲੇ ਦਿਨ ਮੁੱਖ ਮਹਿਮਾਨ ਵਜੋਂ ਡਾ. ਅੰਕਿਤਾ ਕਾਂਸਲ, ਪੀ.ਸੀ.ਐੱਸ., ਸਹਾਇਕ ਕਮਿਸ਼ਨਰ, ਮੋਹਾਲੀ ਨੇ ਸ਼ਿਰਕਤ ਕੀਤੀ, ਜਦਕਿ ਵਿਸ਼ੇਸ਼ ਮਹਿਮਾਨ ਵਜੋਂ ਵਿਪਰੋ ਕੰਪਨੀ ਦੇ ਸਹਾਇਕ ਉਪ-ਪ੍ਰਧਾਨ ਸ੍ਰੀ ਸੁਮੀਤ ਸ਼ਰਮਾ ਹਾਜ਼ਰ ਹੋਏ।

ਸਮਾਗਮ ਦੇ ਦੂਜੇ ਦਿਨ ਨਵੀਂ ਦਿੱਲੀ ਤੋਂ ਵਿਦੇਸ਼ ਮੰਤਰਾਲੇ ਦੇ ਵਿਸ਼ਵ ਸੰਪਤੀ ਪ੍ਰਬੰਧਨ ਵਿਭਾਗ ਦੀ ਸੰਯੁਕਤ ਸਕੱਤਰ ਸ਼੍ਰੀਮਤੀ ਸਤਵੰਤ ਖਨਾਲੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਬਿਜਲੀ ਮੰਤਰਾਲੇ, ਨਵੀਂ ਦਿੱਲੀ ਦੀ ਸਹਾਇਕ ਨਿਰਦੇਸ਼ਕ ਸ਼੍ਰੀਮਤੀ ਗੀਤਿਕਾ ਗੁਪਤਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸਮਾਗਮ ਦੀ ਸ਼ੋਭਾ ਵਧਾਈ।

ਦੋਵਾਂ ਦਿਨਾਂ ਦੇ ਮਹਿਮਾਨਾਂ ਦਾ ਇਸੇ ਸਕੂਲ ਦੇ ਸਾਬਕਾ ਵਿਦਿਆਰਥੀ ਹੋਣਾ ਸਮਾਗਮ ਲਈ ਵਿਸ਼ੇਸ਼ ਮਾਣ ਅਤੇ ਖੁਸ਼ੀ ਦਾ ਵਿਸ਼ਾ ਰਿਹਾ।

ਸਮਾਰੋਹ ਦਾ ਮੁੱਖ ਆਕਰਸ਼ਣ ਇੱਕ ਸ਼ਾਨਦਾਰ ਨਾਟਕੀ ਪੇਸ਼ਕਾਰੀ ਰਹੀ, ਜਿਸ ਵਿੱਚ ਪਰਮ ਸਤਿਕਾਰਯੋਗ ਮਦਰ ਸੇਰਾਫੀਨਾ ਫਾਰੋਲਫੀ ਦੀ ਦੂਰਦਰਸ਼ੀ ਸੋਚ ਅਤੇ ਸੰਨ 1901 ਵਿੱਚ ਭਾਰਤ ਆਈਆਂ ਚਾਰ ਮੋਢੀ ਸਿਸਟਰਜ਼ ਦੇ ਸਾਹਸੀ ਮਿਸ਼ਨ ਨੂੰ ਸਜੀਵ ਰੂਪ ਵਿੱਚ ਪੇਸ਼ ਕੀਤਾ ਗਿਆ। ਵਿਦਿਆਰਥੀਆਂ ਨੇ ਆਪਣੇ ਪ੍ਰਭਾਵਸ਼ਾਲੀ ਅਭਿਨੈ, ਸੰਗੀਤ ਅਤੇ ਨਾਚ ਰਾਹੀਂ ਉਨ੍ਹਾਂ ਦੇ ਔਖੇ ਸਮੁੰਦਰੀ ਸਫ਼ਰ, ਬਾਲਿਕਾ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਅਮੁੱਲ ਯੋਗਦਾਨ ਅਤੇ ਦੇਸ਼ ਦੀ ਵੰਡ ਦੌਰਾਨ ਨਿਭਾਈਆਂ ਮਨੁੱਖਤਾ ਭਰਪੂਰ ਸੇਵਾਵਾਂ ਨੂੰ ਬੜੀ ਸੰਵੇਦਨਸ਼ੀਲਤਾ ਨਾਲ ਦਰਸਾਇਆ।

ਭਾਰਤ ਦੀ ਆਜ਼ਾਦੀ ਦੇ ਗੌਰਵਮਈ ਚਿੱਤਰਣ ਨੇ ਦਰਸ਼ਕਾਂ ਵਿੱਚ ਦੇਸ਼-ਪ੍ਰੇਮ ਦੀ ਭਾਵਨਾ ਜਗਾਈ, ਜਦਕਿ ਦੇਸ਼ ਦੀ ਵੰਡ ਦੀ ਭਿਆਨਕ ਤ੍ਰਾਸਦੀ ਅਤੇ ਇਸ ਕਾਰਨ ਪੈਦਾ ਹੋਏ ਸਮਾਜਿਕ ਵਿਛੋੜੇ ਅਤੇ ਉਜਾੜੇ ਦੇ ਦਰਦ ਨੂੰ ਰੇਲਗੱਡੀ ਦੇ ਮਰਮਸਪਰਸ਼ੀ ਦ੍ਰਿਸ਼ ਰਾਹੀਂ ਜਿਸ ਸੰਵੇਦਨਸ਼ੀਲਤਾ ਨਾਲ ਪੇਸ਼ ਕੀਤਾ ਗਿਆ, ਉਸ ਨੇ ਹਾਜ਼ਰ ਦਰਸ਼ਕਾਂ ਦੀਆਂ ਅੱਖਾਂ ਨਮ ਕਰ ਦਿੱਤੀਆਂ।

ਇਸ ਪੇਸ਼ਕਾਰੀ ਨੇ ਧਾਰਮਿਕ ਅਤੇ ਭੂਗੋਲਿਕ ਹੱਦਾਂ ਤੋਂ ਉੱਪਰ ਉੱਠ ਕੇ ਮਨੁੱਖਤਾ, ਸ਼ਾਂਤੀ ਅਤੇ ਦਇਆ-ਭਾਵਨਾ ਨਾਲ ਭਰਪੂਰ ਸੇਵਾ ਪ੍ਰਤੀ ਸਿਸਟਰਜ਼ ਦੀ ਅਟੁੱਟ ਵਚਨਬੱਧਤਾ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਉਜਾਗਰ ਕੀਤਾ। ਭਾਰਤ ਦੀ ਅਮੀਰ ਸੱਭਿਆਚਾਰਕ ਵਿਰਾਸਤ ਨੂੰ ਸਮਰਪਿਤ ਮਨਮੋਹਕ ਪੇਸ਼ਕਾਰੀਆਂ ਨੇ ਸਮਾਰੋਹ ਨੂੰ ਹੋਰ ਵੀ ਯਾਦਗਾਰ ਬਣਾ ਦਿੱਤਾ। ਇਸ ਮੌਕੇ ਅਕਾਦਮਿਕ ਸੈਸ਼ਨ 2025-26 ਦੀ ਦਸਵੀਂ ਜਮਾਤ ਦੀ ਬੋਰਡ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵੀ ਸਨਮਾਨਿਤ ਕੀਤਾ ਗਿਆ।

ਇਹ ਸਮਾਰੋਹ ਇਸ ਸਦੀਵੀ ਸੰਦੇਸ਼ ਨਾਲ ਸੰਪੰਨ ਹੋਇਆ ਕਿ ਮਦਰ ਸੇਰਾਫੀਨਾ ਵੱਲੋਂ ਜਗਾਈ ਗਈ ਸੇਵਾ, ਦਇਆ ਅਤੇ ਸਮਰਪਣ ਦੀ ਜੋਤ ਅੱਜ ਵੀ ਸਿੱਖਿਆ ਅਤੇ ਨਿਸ਼ਕਾਮ ਸੇਵਾ ਰਾਹੀਂ ਪੀੜ੍ਹੀ ਦਰ ਪੀੜ੍ਹੀ ਮਨੁੱਖਤਾ ਦਾ ਮਾਰਗ ਰੌਸ਼ਨ ਕਰ ਰਹੀ ਹੈ।

ਅੰਤ ਵਿੱਚ ਸਕੂਲ ਦੀ ਪ੍ਰਿੰਸੀਪਲ ਸਿਸਟਰ ਇਮੈਕੁਲੇਟ ਨੇ ਸਾਲਾਨਾ ਸਮਾਰੋਹ ਦੀ ਸਫਲਤਾ ਲਈ ਸਕੂਲ ਦੇ ਸਮੂਹ ਅਧਿਆਪਕਾਂ ਅਤੇ ਸਟਾਫ਼ ਮੈਂਬਰਾਂ ਦਾ ਦਿਲੋਂ ਧੰਨਵਾਦ ਕੀਤਾ ਅਤੇ ਉਨ੍ਹਾਂ ਦੀ ਮਿਹਨਤ ਤੇ ਸਹਿਯੋਗ ਦੀ ਸ਼ਲਾਘਾ ਕੀਤੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਡਿਵਾਈਨ ਲਾਈਟ ਇੰਟਰਨੈਸ਼ਨਲ ਸਕੂਲ ਵਿਖੇ ਮੁਫ਼ਤ ਦੰਦਾਂ ਦਾ ਜਾਂਚ ਕੈਂਪ



ਫ਼ਤਹਿਗੜ੍ਹ ਸਾਹਿਬ,23 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੀ ਐੱਨ.ਐੱਸ.ਐੱਸ. ਇਕਾਈ ਵੱਲੋਂ ਡਿਵਾਈਨ ਲਾਈਟ ਇੰਟਰਨੈਸ਼ਨਲ ਸਕੂਲ ਵਿਖੇ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ। ਇਸ ਉਪਰਾਲੇ ਦਾ ਉਦੇਸ਼ ਸਕੂਲੀ ਵਿਦਿਆਰਥੀਆਂ ਨੂੰ ਦੰਦਾਂ ਦੀ ਸਿਹਤ ਅਤੇ ਸਫ਼ਾਈ ਪ੍ਰਤੀ ਜਾਗਰੂਕ ਕਰਨ ਦੇ ਨਾਲ-ਨਾਲ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਅਨੁਸਾਰ ਨਿਸ਼ਕਾਮ ਸੇਵਾ ਅਤੇ ਸਰਬੱਤ ਦੇ ਭਲੇ ਦੀ ਭਾਵਨਾ ਨੂੰ ਅਮਲੀ ਰੂਪ ਦੇਣਾ ਸੀ।

ਕੈਂਪ ਦੌਰਾਨ ਦੰਦਾਂ ਦੇ ਮਾਹਿਰ ਡਾ. ਲਵਪ੍ਰੀਤ ਸਿੰਘ (ਬੀ.ਡੀ.ਐੱਸ.) ਨੇ ਸਰੋਤ ਵਿਅਕਤੀ ਵਜੋਂ ਸ਼ਿਰਕਤ ਕਰਦਿਆਂ ਵੱਡੀ ਗਿਣਤੀ ਵਿੱਚ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕੀਤੀ ਅਤੇ ਦੰਦਾਂ ਵਿੱਚ ਕੀੜਾ ਲੱਗਣ, ਮਸੂੜਿਆਂ ਦੀਆਂ ਸਮੱਸਿਆਵਾਂ ਅਤੇ ਹੋਰ ਆਮ ਬਿਮਾਰੀਆਂ ਸਬੰਧੀ ਲੋੜੀਂਦੀ ਸਲਾਹ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਦਿਨ ਵਿੱਚ ਦੋ ਵਾਰ ਦੰਦ ਸਾਫ਼ ਕਰਨ, ਜੀਭ ਦੀ ਸਫ਼ਾਈ ਰੱਖਣ, ਮੂੰਹ ਦੀ ਸਫ਼ਾਈ ਅਤੇ ਸੰਤੁਲਿਤ ਖੁਰਾਕ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ। ਲੋੜ ਅਨੁਸਾਰ ਵਿਦਿਆਰਥੀਆਂ ਨੂੰ ਅਗਲੇਰੇ ਇਲਾਜ ਲਈ ਵੀ ਸਲਾਹ ਦਿੱਤੀ ਗਈ। ਇਸ ਮੌਕੇ ਮੁਫ਼ਤ ਦਵਾਈਆਂ ਵੀ ਵੰਡੀਆਂ ਗਈਆਂ।

ਐੱਨ.ਐੱਸ.ਐੱਸ. ਵਲੰਟੀਅਰਾਂ ਨੇ ਰਜਿਸਟ੍ਰੇਸ਼ਨ ਅਤੇ ਵਿਦਿਆਰਥੀਆਂ ਦੀ ਸਹਾਇਤਾ ਕਰਦਿਆਂ ਕੈਂਪ ਦੇ ਸੁਚਾਰੂ ਆਯੋਜਨ ਵਿੱਚ ਅਹਿਮ ਯੋਗਦਾਨ ਪਾਇਆ। ਸਕੂਲ ਦੇ ਪ੍ਰਿੰਸੀਪਲ ਅਤੇ ਪ੍ਰਬੰਧਕਾਂ ਨੇ ਯੂਨੀਵਰਸਿਟੀ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਬੱਚਿਆਂ ਵਿੱਚ ਸਿਹਤ ਪ੍ਰਤੀ ਜਾਗਰੂਕਤਾ ਪੈਦਾ ਕਰਨ ਲਈ ਅਜਿਹੀਆਂ ਗਤੀਵਿਧੀਆਂ ਨੂੰ ਮਹੱਤਵਪੂਰਨ ਦੱਸਿਆ। ਕੈਂਪ ਦਾ ਆਯੋਜਨ ਡਾ. ਸੁਮਨਪ੍ਰੀਤ ਕੌਰ, ਐੱਨ.ਐੱਸ.ਐੱਸ. ਪ੍ਰੋਗਰਾਮ ਅਫ਼ਸਰ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਡਾ. ਲਵਪ੍ਰੀਤ ਸਿੰਘ, ਸਕੂਲ ਪ੍ਰਬੰਧਕਾਂ ਅਤੇ ਸਮੂਹ ਵਲੰਟੀਅਰਾਂ ਦਾ ਸਹਿਯੋਗ ਲਈ ਧੰਨਵਾਦ ਕੀਤਾ।

ਡਾ. ਹਰਨੀਤ ਬਿਲਿੰਗ, ਐੱਨ.ਐੱਸ.ਐੱਸ. ਪ੍ਰੋਗਰਾਮ ਕੋਆਰਡੀਨੇਟਰ ਨੇ ਕਿਹਾ ਕਿ ਅਜਿਹੀਆਂ ਸਮਾਜ ਸੇਵੀ ਗਤੀਵਿਧੀਆਂ ਰਾਹੀਂ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਸਿੱਖਿਆਵਾਂ ਨੂੰ ਅਮਲੀ ਰੂਪ ਦੇਣ ਦੇ ਨਾਲ-ਨਾਲ ਵਿਦਿਆਰਥੀਆਂ ਵਿੱਚ ਸੇਵਾ, ਸਮਰਪਣ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਵੀ ਪੈਦਾ ਹੁੰਦੀ ਹੈ। ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪਰਿਤ ਪਾਲ ਸਿੰਘ ਨੇ ਐੱਨ.ਐੱਸ.ਐੱਸ. ਇਕਾਈ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀਆਂ ਨੂੰ ਸਮਾਜ ਭਲਾਈ ਅਤੇ ਲੋਕ ਸੇਵਾ ਨਾਲ ਜੁੜੀਆਂ ਗਤੀਵਿਧੀਆਂ ਰਾਹੀਂ ਸਮਾਜ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।

ਰਾਜ ਪੱਧਰੀ ਖੇਡਾਂ ਦੇ ਪੰਜਵੇਂ ਦਿਨ ਖਿਡਾਰੀਆਂ ਨੇ ਦਿਖਾਇਆ ਸ਼ਾਨਦਾਰ ਪ੍ਰਦਰਸ਼ਨ



ਫਤਹਿਗੜ੍ਹ ਸਾਹਿਬ, 23 ਨਵੰਬਰ
-ਛਤਰਪਾਲ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਵਿਖੇ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਦੀਆਂ ਰਾਜ ਪੱਧਰੀ ਖੇਡਾਂ ਦੇ ਪੰਜਵੇਂ ਦਿਨ ਵੱਖ-ਵੱਖ ਖੇਡ ਮੁਕਾਬਲਿਆਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼ ਅਤੇ ਉਤਸ਼ਾਹ ਨਾਲ ਭਾਗ ਲੈਂਦਿਆਂ ਆਪਣੀ ਖੇਡ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਖੇਡ ਅਫ਼ਸਰ ਸ੍ਰੀ ਹਰਪਿੰਦਰ ਸਿੰਘ ਨੇ ਦੱਸਿਆ ਕਿ ਪੰਜਵੇਂ ਦਿਨ ਕਰਵਾਏ ਗਏ ਮੁਕਾਬਲਿਆਂ ਦੇ ਨਤੀਜਿਆਂ ਅਨੁਸਾਰ ਅੰਡਰ-17 ਲੜਕੀਆਂ ਦੇ 36 ਕਿਲੋਗ੍ਰਾਮ ਭਾਰ ਵਰਗ ਵਿੱਚ ਐੱਸ.ਏ.ਐੱਸ. ਨਗਰ ਦੀ ਹਿਮਾਂਸ਼ੀ ਨੇ ਪਹਿਲਾ, ਮਾਨਸਾ ਦੀ ਹਰਪ੍ਰੀਤ ਨੇ ਦੂਜਾ ਅਤੇ ਮੋਗਾ ਦੀ ਵਿਪਨਪ੍ਰੀਤ ਤੇ ਲੁਧਿਆਣਾ ਦੀ ਆਂਚਲ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਹਾਸਲ ਕੀਤਾ।

ਇਸੇ ਤਰ੍ਹਾਂ ਅੰਡਰ-17 ਲੜਕੀਆਂ ਦੇ 52 ਕਿਲੋਗ੍ਰਾਮ ਭਾਰ ਵਰਗ ਵਿੱਚ ਪਟਿਆਲਾ ਦੀ ਪ੍ਰਾਚੀ ਨੇ ਪਹਿਲਾ, ਜਲੰਧਰ ਦੀ ਤ੍ਰਿਪਤੀ ਨੇ ਦੂਜਾ ਅਤੇ ਹੁਸ਼ਿਆਰਪੁਰ ਦੀ ਨਵਦੀਪ ਤੇ ਅੰਮ੍ਰਿਤਸਰ ਦੀ ਹਰਸ਼ਿਤਾ ਨੇ ਸਾਂਝੇ ਤੌਰ 'ਤੇ ਤੀਜਾ ਸਥਾਨ ਪ੍ਰਾਪਤ ਕੀਤਾ। ਸਾਫਟਬਾਲ ਦੇ ਮੁਕਾਬਲਿਆਂ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦੱਸਿਆ ਕਿ ਅੰਡਰ-14 ਲੜਕੀਆਂ ਦੇ ਵਰਗ ਵਿੱਚ ਮੋਗਾ ਦੀ ਟੀਮ ਨੇ ਸ੍ਰੀ ਮੁਕਤਸਰ ਸਾਹਿਬ ਨੂੰ ਦੂਜੇ ਨਾਕਆਊਟ ਮੁਕਾਬਲੇ ਵਿੱਚ 7-6 ਨਾਲ, ਮਾਨਸਾ ਦੀ ਟੀਮ ਨੇ ਪਟਿਆਲਾ ਨੂੰ 25-10 ਨਾਲ ਅਤੇ ਅੰਮ੍ਰਿਤਸਰ ਦੀ ਟੀਮ ਨੇ ਮਾਨਸਾ ਨੂੰ 10-0 ਨਾਲ ਹਰਾਇਆ। ਅੰਡਰ-21 ਲੜਕੀਆਂ ਦੇ ਸਾਫਟਬਾਲ ਮੁਕਾਬਲਿਆਂ ਵਿੱਚ ਮੋਗਾ ਦੀ ਟੀਮ ਨੇ ਸੰਗਰੂਰ ਨੂੰ 10-0 ਨਾਲ ਅਤੇ ਮਾਨਸਾ ਦੀ ਟੀਮ ਨੇ ਮੇਜ਼ਬਾਨ ਜ਼ਿਲ੍ਹਾ ਫ਼ਤਹਿਗੜ੍ਹ ਸਾਹਿਬ ਦੀ ਟੀਮ ਨੂੰ 10-0 ਨਾਲ ਮਾਤ ਦਿੱਤੀ।

ਇਸੇ ਤਰ੍ਹਾਂ 21 ਤੋਂ 30 ਸਾਲ ਉਮਰ ਵਰਗ ਦੀਆਂ ਲੜਕੀਆਂ ਦੇ ਸਾਫਟਬਾਲ ਮੁਕਾਬਲਿਆਂ ਵਿੱਚ ਲੁਧਿਆਣਾ ਦੀ ਟੀਮ ਨੇ ਪਟਿਆਲਾ ਨੂੰ 10-0 ਨਾਲ ਅਤੇ ਮੋਗਾ ਦੀ ਟੀਮ ਨੇ ਫਿਰੋਜ਼ਪੁਰ ਨੂੰ 1-0 ਨਾਲ ਹਰਾ ਕੇ ਜਿੱਤ ਦਰਜ ਕੀਤੀ।

ਸਿੱਖਿਆ ਦੇ ਨਾਲ ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੀ ਸੰਭਾਲ ਵੀ ਮਹੱਤਵਪੂਰਨ: ਕਾਲਕਾ



ਨਵੀਂ ਦਿੱਲੀ, 23 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-
-ਸ਼ਹੀਦ-ਏ-ਆਜ਼ਮ-ਬਿਊਰੋ-

ਮਾਤਾ ਸੁੰਦਰੀ ਕਾਲਜ ਫਾਰ ਵੂਮੈਨ, ਦਿੱਲੀ ਯੂਨੀਵਰਸਿਟੀ ਵਿਖੇ ਅੱਜ ਕਾਲਜ ਦੇ ਅਧਿਆਪਕਾਂ ਅਤੇ ਗੈਰ-ਅਧਿਆਪਨ ਅਮਲੇ ਨਾਲ ਕਰਵਾਏ ਗਏ ਵਿਸ਼ੇਸ਼ ਵਿਚਾਰ-ਵਟਾਂਦਰਾ ਪ੍ਰੋਗਰਾਮ ਵਿੱਚ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਨੇ ਸ਼ਮੂਲੀਅਤ ਕੀਤੀ। ਇਸ ਪ੍ਰੋਗਰਾਮ ਦਾ ਪ੍ਰਮੁੱਖ ਉਦੇਸ਼ ਕਾਲਜ ਦੇ ਵੱਖ-ਵੱਖ ਵਿਭਾਗਾਂ ਅਤੇ ਇਕਾਈਆਂ ਵਿਚਕਾਰ ਆਪਸੀ ਤਾਲਮੇਲ, ਸਹਿਯੋਗ ਅਤੇ ਸਾਂਝ ਨੂੰ ਹੋਰ ਮਜ਼ਬੂਤ ਕਰਦਿਆਂ ਸੰਸਥਾ ਦੇ ਭਵਿੱਖੀ ਵਿਕਾਸ ਲਈ ਸਾਰਥਕ ਵਿਚਾਰਾਂ ਦੀ ਸਾਂਝ ਕਰਨਾ ਸੀ।

ਇਸ ਮੌਕੇ ਕਾਲਜ ਦੀ ਪ੍ਰਿੰਸੀਪਲ ਪ੍ਰੋ. ਹਰਪ੍ਰੀਤ ਕੌਰ ਨੇ ਕਾਲਜ਼ ਦੀਆਂ ਅਕਾਦਮਿਕ, ਸੱਭਿਆਚਾਰਕ ਅਤੇ ਸਹਿ-ਵਿੱਦਿਅਕ ਗਤੀਵਿਧੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਨੇ ਕਾਲਜ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਹਾਸਲ ਕੀਤੀਆਂ ਪ੍ਰਾਪਤੀਆਂ ਅਤੇ ਵਿਦਿਆਰਥਣਾਂ ਦੇ ਸਰਬਪੱਖੀ ਵਿਕਾਸ ਲਈ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵੀ ਚਾਨਣਾ ਪਾਇਆ।

ਸਰਦਾਰ ਹਰਮੀਤ ਸਿੰਘ ਕਾਲਕਾ ਨੇ ਵੱਖ-ਵੱਖ ਵਿਭਾਗਾਂ ਦੇ ਮੁੱਖੀਆਂ ਨਾਲ ਖੁੱਲ੍ਹ ਕੇ ਵਿਚਾਰ-ਵਟਾਂਦਰਾ ਕਰਦਿਆਂ ਉਨ੍ਹਾਂ ਦੇ ਕੰਮਕਾਜ, ਪ੍ਰਾਪਤੀਆਂ, ਚੁਣੌਤੀਆਂ ਅਤੇ ਭਵਿੱਖੀ ਯੋਜਨਾਵਾਂ ਬਾਰੇ ਜਾਣਕਾਰੀ ਹਾਸਲ ਕੀਤੀ। ਸਰਦਾਰ ਕਾਲਕਾ ਨੇ ਕਿਹਾ ਕਿ ਕਿਸੇ ਵੀ ਸਿੱਖਿਆ ਸੰਸਥਾ ਦੀ ਤਰੱਕੀ ਕੇਵਲ ਬੁਨਿਆਦੀ ਢਾਂਚੇ ਜਾਂ ਅਕਾਦਮਿਕ ਨਤੀਜਿਆਂ ਤੱਕ ਸੀਮਤ ਨਹੀਂ ਹੁੰਦੀ, ਸਗੋਂ ਇਸ ਲਈ ਅਧਿਆਪਕਾਂ, ਵਿਦਿਆਰਥੀਆਂ ਅਤੇ ਪ੍ਰਬੰਧਕੀ ਅਮਲੇ ਵਿਚਕਾਰ ਬਿਹਤਰ ਤਾਲਮੇਲ, ਸਮੂਹਿਕ ਜ਼ਿੰਮੇਵਾਰੀ ਅਤੇ ਸਾਂਝੀ ਦੂਰਦਰਸ਼ੀ ਸੋਚ ਵੀ ਲਾਜ਼ਮੀ ਹੈ।

ਉਨ੍ਹਾਂ ਕਿਹਾ ਕਿ ਅਜੋਕੇ ਮੁਕਾਬਲੇਬਾਜ਼ੀ ਦੇ ਯੁੱਗ ਵਿੱਚ ਵਿਦਿਆਰਥੀਆਂ ਨੂੰ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੇ ਨਾਲ-ਨਾਲ ਉਨ੍ਹਾਂ ਦੀ ਸ਼ਖ਼ਸੀਅਤ, ਸਿਰਜਣਾਤਮਕਤਾ ਅਤੇ ਸਮਾਜਿਕ ਚੇਤਨਾ ਦਾ ਵਿਕਾਸ ਕਰਨਾ ਵੀ ਬੇਹੱਦ ਜ਼ਰੂਰੀ ਹੈ। ਇਸ ਦੇ ਨਾਲ ਹੀ ਨੌਜਵਾਨ ਪੀੜ੍ਹੀ ਨੂੰ ਆਪਣੀ ਮਾਂ-ਬੋਲੀ, ਵਿਰਾਸਤ ਅਤੇ ਸੱਭਿਆਚਾਰਕ ਕਦਰਾਂ-ਕੀਮਤਾਂ ਨਾਲ ਜੋੜੀ ਰੱਖਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾਣੇ ਚਾਹੀਦੇ ਹਨ।

ਪੰਜਾਬੀ ਭਾਸ਼ਾ ਅਤੇ ਸੱਭਿਆਚਾਰ ਦੇ ਮਹੱਤਵ ਬਾਰੇ ਗੱਲ ਕਰਦਿਆਂ ਸਰਦਾਰ ਕਾਲਕਾ ਨੇ ਕਿਹਾ ਕਿ ਪੰਜਾਬੀ ਭਾਈਚਾਰੇ ਨੇ ਦੇਸ਼-ਵਿਦੇਸ਼ ਵਿੱਚ ਵੱਖ-ਵੱਖ ਖੇਤਰਾਂ ਅੰਦਰ ਆਪਣੀ ਮਿਹਨਤ, ਪ੍ਰਤਿਭਾ ਅਤੇ ਵਿਲੱਖਣ ਪਛਾਣ ਸਦਕਾ ਅਹਿਮ ਸਥਾਨ ਬਣਾਇਆ ਹੈ। ਇਸ ਵਿਰਾਸਤ ਨੂੰ ਅਗਲੀਆਂ ਪੀੜ੍ਹੀਆਂ ਤੱਕ ਪਹੁੰਚਾਉਣਾ ਸਾਡੀ ਸਾਂਝੀ ਜ਼ਿੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਨੂੰ ਸਾਹਿਤਕ, ਸੱਭਿਆਚਾਰਕ, ਭਾਸ਼ਾਈ ਅਤੇ ਹੋਰ ਰਚਨਾਤਮਕ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਵੱਧ

ਵਿਸ਼ਵ ਪੱਧਰੀ ਸਟੇਡੀਅਮ ਪੰਜਾਬ ਤੋਂ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਪੈਦਾ ਕਰਨ ਵਿੱਚ ਮਦਦ ਕਰਨਗੇ: ਮੁੱਖ ਮੰਤਰੀ ਭਗਵੰਤ ਸਿੰਘ ਮਾਨ



ਧੂਰੀ, 23 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਨੂੰ ਦੁਹਰਾਇਆ ਕਿ ਸੂਬਾ ਸਰਕਾਰ ਨਸ਼ਿਆਂ ਦੇ ਖ਼ਤਰੇ ਨੂੰ ਖ਼ਤਮ ਕਰਨ ਲਈ ਖੇਡਾਂ ਨੂੰ ਸਭ ਤੋਂ ਸ਼ਕਤੀਸ਼ਾਲੀ ਹਥਿਆਰ ਵਜੋਂ ਪ੍ਰਭਾਵਸ਼ਾਲੀ ਢੰਗ ਨਾਲ ਵਰਤ ਰਹੀ ਹੈ, ਜਿਸ ਨਾਲ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ, ਵਿਸ਼ਵ ਪੱਧਰੀ ਸਹੂਲਤਾਂ ਅਤੇ ਉੱਤਮਤਾ ਪ੍ਰਾਪਤ ਕਰਨ ਦੇ ਮੌਕੇ ਮਿਲ ਰਹੇ ਹਨ। ਮੁੱਖ ਮੰਤਰੀ ਨੇ ਧੂਰੀ ਵਿੱਚ ਇੱਕ ਆਧੁਨਿਕ ਖੇਡ ਕੰਪਲੈਕਸ ਦਾ ਨੀਂਹ ਪੱਥਰ ਰੱਖਿਆ ਅਤੇ ਜਹਾਂਗੀਰ-ਕਹੇੜੂ ਵਿਖੇ ਇੱਕ ਅਤਿ-ਆਧੁਨਿਕ ਹਾਕੀ ਐਸਟ੍ਰੋ-ਟਰਫ ਸਮਰਪਿਤ ਕੀਤਾ, ਜਿਸ ਨਾਲ ਉਨ੍ਹਾਂ ਦੀ ਸਰਕਾਰ ਵਿਸ਼ਵ ਪੱਧਰੀ ਖੇਡ ਬੁਨਿਆਦੀ ਢਾਂਚਾ ਬਣਾਉਣ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ 'ਤੇ ਧਿਆਨ ਕੇਂਦਰਿਤ ਕਰ ਰਹੀ ਹੈ।

10 ਏਕੜ ਦਾ ਇਹ ਸਪੋਰਟਸ ਕੰਪਲੈਕਸ, ਜੋ ਕਿ ?39.20 ਕਰੋੜ ਦੀ ਲਾਗਤ ਨਾਲ ਵਿਕਸਤ ਕੀਤਾ ਜਾ ਰਿਹਾ ਹੈ, ਸੂਬਾ ਸਰਕਾਰ ਦੇ ਜ਼ਮੀਨੀ ਪੱਧਰ 'ਤੇ ਖੇਡ ਸਹੂਲਤਾਂ ਨੂੰ ਮਜ਼ਬੂਤ ??ਕਰਨ ਦੇ ਵਿਆਪਕ ਯਤਨਾਂ ਦਾ ਹਿੱਸਾ ਹੈ। ?1,744 ਕਰੋੜ ਦੇ ਰਿਕਾਰਡ ਖੇਡ ਬਜਟ, ਪੰਜਾਬ ਭਰ ਵਿੱਚ 3,100 ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ, ਓਲੰਪਿਕ ਤਗਮਾ ਜੇਤੂਆਂ ਲਈ ?1 ਕਰੋੜ ਤੋਂ ?3 ਕਰੋੜ ਦੇ ਨਕਦ ਇਨਾਮ ਅਤੇ ਜੂਨੀਅਰ ਹਾਕੀ ਵਿਸ਼ਵ ਕੱਪ ਲਈ ਮੇਜ਼ਬਾਨੀ ਅਧਿਕਾਰ ਪ੍ਰਾਪਤ ਕਰਨ ਦੇ ਯਤਨਾਂ ਦੇ ਨਾਲ, ਭਗਵੰਤ ਮਾਨ ਸਰਕਾਰ ਸੂਬੇ ਦੀ ਅਮੀਰ ਖੇਡ ਵਿਰਾਸਤ ਨੂੰ ਮੁੜ ਸੁਰਜੀਤ ਕਰਨ ਲਈ ਕੰਮ ਕਰਦੇ ਹੋਏ ਪੰਜਾਬ ਦੇ ਖਿਡਾਰੀਆਂ ਲਈ ਮੌਕਿਆਂ ਦਾ ਵਿਸਥਾਰ ਕਰ ਰਹੀ ਹੈ।

ਬੱਚਿਆਂ ਨੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਸਵਾਗਤ ਕੀਤਾ; ਮੁੱਖ ਮੰਤਰੀ ਨੇ ਨੌਜਵਾਨ ਖਿਡਾਰੀਆਂ ਨਾਲ ਗੱਲਬਾਤ ਕੀਤੀ

ਮੁੱਖ ਮੰਤਰੀ ਦਾ ਬੱਚਿਆਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ, ਜਿਨ੍ਹਾਂ ਨੇ ਉਨ੍ਹਾਂ ਨੂੰ ਗੁਲਾਬ ਦੇ ਫੁੱਲ ਭੇਟ ਕੀਤੇ ਜਦੋਂ ਉਹ ਸਥਾਨ 'ਤੇ ਪਹੁੰਚੇ। ਇੱਕ ਦਿਲ ਨੂੰ ਛੂਹ ਲੈਣ ਵਾਲੀ ਗੱਲਬਾਤ ਵਿੱਚ, ਉਨ੍ਹਾਂ ਨੇ ਵੱਖ-ਵੱਖ ਟੀਮਾਂ ਅਤੇ ਖੇਡ ਵਿਸ਼ਿਆਂ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਨਾਲ ਹੱਥ ਮਿਲਾਇਆ, ਖੁਸ਼ੀ ਦਾ ਆਦਾਨ-ਪ੍ਰਦਾਨ ਕੀਤਾ ਅਤੇ ਉਨ੍ਹਾਂ ਨੂੰ ਆਪਣੀਆਂ ਖੇਡ ਇੱਛਾਵਾਂ ਨੂੰ ਸਮਰਪਣ ਨਾਲ ਅੱਗੇ ਵਧਾਉਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਨੌਜਵਾਨ ਹਾਕੀ ਖਿਡਾਰੀਆਂ ਨਾਲ ਵੀ ਗੱਲਬਾਤ ਕੀਤੀ, ਉਨ੍ਹਾਂ ਦੇ ਉਤਸ਼ਾਹ ਅਤੇ ਖੇਡ ਪ੍ਰਤੀ ਜਨੂੰਨ ਦੀ ਕਦਰ ਕੀਤੀ।

ਜਹਾਂਗੀਰ-ਕਹੇੜੂ ਅਤੇ ਆਸ ਪਾਸ ਦੇ ਪਿੰਡਾਂ ਦੇ ਵਸਨੀਕਾਂ ਨੂੰ ਇਤਿਹਾਸਕ ਮੌਕੇ 'ਤੇ ਆਪਣੀਆਂ ਦਿਲੋਂ ਵਧਾਈਆਂ ਦਿੰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਆਧੁਨਿਕ ਹਾਕੀ ਐਸਟ੍ਰੋ-ਟਰਫ ਸਹੂਲਤ ਖੇਤਰ ਦੇ ਖੇਡ ਬੁਨਿਆਦੀ ਢਾਂਚੇ ਵਿੱਚ ਇੱਕ ਮਹੱਤਵਪੂਰਨ ਵਾਧਾ ਹੈ। ਉਨ੍ਹਾਂ ਕਿਹਾ ਕਿ 94 ਗ 56-ਮੀਟਰ ਐਸਟ੍ਰੋ-ਟਰਫ ਗਰਾਊਂਡ, ਇੱਕ ਪੈਵੇਲੀਅਨ ਦੇ ਨਾਲ, ?8 ਕਰੋੜ ਦੀ ਲਾਗਤ ਨਾਲ ਬਣਾਇਆ ਗਿਆ ਹੈ। ÷ਹਾਕੀ ਸਾਡੀ ਮਾਂ ਖੇਡ ਹੈ ਅਤੇ ਪੰਜਾਬੀਆਂ ਦੇ ਖੂਨ ਵਿੱਚ ਦੌੜਦੀ ਹੈ। ਇਸ ਵਿਸ਼ਵ ਪੱਧਰੀ ਐਸਟ੍ਰੋ-ਟਰਫ ਗਰਾਊਂਡ ਨਾਲ, ਖੇਤਰ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਹੁਣ ਆਪਣੇ ਪਿੰਡ ਵਿੱਚ ਅੰਤਰਰਾਸ਼ਟਰੀ ਪੱਧਰ ਦੀਆਂ ਸਹੂਲਤਾਂ ਤੱਕ ਪਹੁੰਚ ਮਿਲੇਗੀ,÷ ਉਨ੍ਹਾਂ ਕਿਹਾ।

ਇਸ ਮਹੱਤਵਾਕਾਂਖੀ ਖੇਡ ਬੁਨਿਆਦੀ ਢਾਂਚੇ ਦੇ ਪ੍ਰੋਜੈਕਟ ਬਾਰੇ ਵਿਸਥਾਰ ਵਿੱਚ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਸਪੋਰਟਸ ਕੰਪਲੈਕਸ 10 ਏਕੜ ਦੇ ਰਕਬੇ ਵਿੱਚ 39.20 ਕਰੋੜ ਰੁਪਏ ਦੀ ਅਨੁਮਾਨਤ ਲਾਗਤ ਨਾਲ ਵਿਕਸਤ ਕੀਤਾ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ÷ਹਾਕੀ ਗਰਾਊਂਡ ਪੂਰਾ ਹੋ ਗਿਆ ਹੈ ਅਤੇ ਲੋਕਾਂ ਨੂੰ ਸਮਰਪਿਤ ਕੀਤਾ ਜਾ ਰਿਹਾ ਹੈ, ਜਦੋਂ ਕਿ ਬਾਕੀ ਸਹੂਲਤਾਂ 'ਤੇ ਕੰਮ ਤੇਜ਼ੀ ਨਾਲ ਚੱਲ ਰਿਹਾ ਹੈ ਤਾਂ ਜੋ ਇਹ ਯਕੀਨੀ ਬਣਾਇਆ ਜਾ ਸਕੇ ਕਿ ਹਰੇਕ ਖੇਡ ਅਨੁਸ਼ਾਸਨ ਦੇ ਖਿਡਾਰੀਆਂ ਨੂੰ ਉੱਤਮਤਾ ਪ੍ਰਾਪਤ ਕਰਨ ਦਾ ਮੌਕਾ ਮਿਲੇ। ਇਹ ਕੰਪਲੈਕਸ ਇੱਕ ਛੱਤ ਹੇਠ ਕਈ ਖੇਡ ਅਨੁਸ਼ਾਸਨਾਂ ਲਈ ਸਹੂਲਤਾਂ ਪ੍ਰਦਾਨ ਕਰੇਗਾ, ਜਿਸ ਵਿੱਚ ਬੈਡਮਿੰਟਨ, ਬਾਸਕਟਬਾਲ, ਵਾਲੀਬਾਲ, ਕੁਸ਼ਤੀ, ਜੂਡੋ, ਜਿਮਨਾਸਟਿਕ, ਹੈਂਡਬਾਲ ਅਤੇ ਸਕੁਐਸ਼ ਸ਼ਾਮਲ ਹਨ।÷

ਉਨ੍ਹਾਂ ਕਿਹਾ ਕਿ ?9 ਕਰੋੜ ਦੀ ਲਾਗਤ ਨਾਲ ਇੱਕ ਬਹੁ-ਮੰਤਵੀ ਇਨਡੋਰ ਸਪੋਰਟਸ ਹਾਲ ਬਣਾਇਆ ਜਾ ਰਿਹਾ ਹੈ। 65 ਗ 41-ਮੀਟਰ ਦੀ ਇਸ ਸਹੂਲਤ ਨੇ 30% ਪੂਰਾ ਕਰ ਲਿਆ ਹੈ ਅਤੇ 31 ਮਾਰਚ, 2027 ਤੱਕ ਪੂਰਾ ਹੋਣ ਦਾ ਟੀਚਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇੱਕ ਆਧੁਨਿਕ 25 ਗ 15-ਮੀਟਰ ਸਵੀਮਿੰਗ ਪੂਲ, ਇੱਕ ਪਵੇਲੀਅਨ ਦੇ ਨਾਲ, ?5 ਕਰੋੜ ਦੀ ਲਾਗਤ ਨਾਲ ਸ਼ੁਰੂ ਹੋ ਗਿਆ ਹੈ ਅਤੇ 30 ਜੂਨ, 2027 ਤੱਕ ਪੂਰਾ ਹੋ ਜਾਵੇਗਾ।

ਕੰਪਲੈਕਸ ਵਿਖੇ ਵਿਕਸਤ ਕੀਤੀਆਂ ਜਾ ਰਹੀਆਂ ਹੋਰ ਸਹੂਲਤਾਂ 'ਤੇ ਚਾਨਣਾ ਪਾਉਂਦਿਆਂ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 5.20 ਕਰੋੜ ਰੁਪਏ ਦਾ ਵਾਧੂ ਖੇਡ ਬੁਨਿਆਦੀ ਢਾਂਚਾ ਬਣਾਇਆ ਜਾ ਰਿਹਾ ਹੈ, ਜਿਸ ਵਿੱਚ ਦੋ ਬਾਸਕਟਬਾਲ ਕੋਰਟ, ਦੋ ਵਾਲੀਬਾਲ ਮੈਦਾਨ, ਦੋ ਬੈਡਮਿੰਟਨ ਕੋਰਟ, ਇੱਕ ਸਕੇਟਿੰਗ ਰਿੰਕ, ਇੱਕ ਲਾਅਨ ਟੈਨਿਸ ਕੋਰਟ ਅਤੇ ਇੱਕ ਖੋ-ਖੋ ਕੋਰਟ ਸ਼ਾਮਲ ਹਨ। ਉਨ੍ਹਾਂ ਅੱਗੇ ਕਿਹਾ ਕਿ ਇਹ ਸਹੂਲਤਾਂ 30 ਜੂਨ, 2027 ਤੱਕ ਤਿਆਰ ਹੋ ਜਾਣਗੀਆਂ।

ਮੁੱਖ ਮੰਤਰੀ ਨੇ ਦੇਸ਼ ਭਗਤ ਕਾਲਜ, ਬਰਦਵਾਲ, ਧੂਰੀ ਵਿਖੇ 12 ਕਰੋੜ ਰੁਪਏ ਦੀ ਲਾਗਤ ਨਾਲ 400 ਮੀਟਰ ਦੇ ਸਿੰਥੈਟਿਕ ਐਥਲੈਟਿਕਸ ਟਰੈਕ ਦੇ ਨਿਰਮਾਣ 'ਤੇ ਵੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ 80% ਕੰਮ ਪਹਿਲਾਂ ਹੀ ਪੂਰਾ ਹੋ ਚੁੱਕਾ ਹੈ ਅਤੇ ਇਹ ਟਰੈਕ 31 ਦਸੰਬਰ, 2026 ਤੱਕ ਖਿਡਾਰੀਆਂ ਲਈ ਤਿਆਰ ਹੋ ਜਾਵੇਗਾ।

ਨਸ਼ਿਆਂ ਦੀ ਦੁਰਵਰਤੋਂ ਨਾਲ ਨਜਿੱਠਣ ਵਿੱਚ ਖੇਡਾਂ ਦੀ ਭੂਮਿਕਾ 'ਤੇ ਜ਼ੋਰ ਦਿੰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਖੇਡਾਂ ਨੌਜਵਾਨਾਂ ਨੂੰ ਸਕਾਰਾਤਮਕ ਦਿਸ਼ਾ ਪ੍ਰਦਾਨ ਕਰਦੀਆਂ ਹਨ ਅਤੇ ਉਨ੍ਹਾਂ ਦੀ ਊਰਜਾ ਨੂੰ ਉਸਾਰੂ ਗਤੀਵਿਧੀਆਂ ਵੱਲ ਲਿਜਾਣ ਵਿੱਚ ਮਦਦ ਕਰਦੀਆਂ ਹਨ। ÷ਜਦੋਂ ਸਾਡੇ ਪਿੰਡਾਂ ਵਿੱਚ ਅਜਿਹੇ ਸ਼ਾਨਦਾਰ ਸਟੇਡੀਅਮ ਅਤੇ ਖੇਡ ਸਹੂਲਤਾਂ ਬਣਨਗੀਆਂ, ਤਾਂ ਸਾਡੇ ਨੌਜਵਾਨ ਆਪਣੀ ਊਰਜਾ ਨੂੰ ਸਹੀ ਦਿਸ਼ਾ ਵਿੱਚ ਲਗਾਉਣਗੇ ਅਤੇ ਓਲੰਪਿਕ ਅਤੇ ਏਸ਼ੀਆਈ ਖੇਡਾਂ ਵਿੱਚ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕਰਨਗੇ। ਸਾਡੀ ਸਰਕਾਰ ਸਾਡੇ ਨੌਜਵਾਨਾਂ ਦੇ ਹੱਥਾਂ ਵਿੱਚ ਹਾਕੀ ਸਟਿੱਕ, ਬੱਲੇ, ਰੈਕੇਟ ਅਤੇ ਤਗਮੇ ਦੇਖਣਾ ਚਾਹੁੰਦੀ ਹੈ,÷ ਉਨ੍ਹਾਂ ਕਿਹਾ।

ਉਨ੍ਹਾਂ ਅੱਗੇ ਕਿਹਾ ਕਿ ਸਰਕਾਰ ਖਿਡਾਰੀਆਂ ਨੂੰ ਹਰ ਸੰਭਵ ਸਹਾਇਤਾ ਦੇ ਰਹੀ ਹੈ, ਜਿਸ ਵਿੱਚ ਵਿਸ਼ਵ ਪੱਧਰੀ ਸਿਖਲਾਈ ਸਹੂਲਤਾਂ ਅਤੇ ਤਿਆਗੀ ਲਈ ਵਿੱਤੀ ਸਹਾਇਤਾ ਪ੍ਰਦਾਨ ਕਰਨ ਤੋਂ ਲੈ ਕੇ ਤਗਮਾ ਜੇਤੂਆਂ ਨੂੰ ਨਕਦ ਪੁਰਸਕਾਰ ਅਤੇ ਸਰਕਾਰੀ ਨੌਕਰੀਆਂ ਦੀ ਪੇਸ਼ਕਸ਼ ਸ਼ਾਮਲ ਹੈ। ਉਨ੍ਹਾਂ ਨੇ ਵਸਨੀਕਾਂ, ਪਿੰਡ ਪੰਚਾਇਤਾਂ ਅਤੇ ਖਾਸ ਕਰਕੇ ਨੌਜਵਾਨਾਂ ਨੂੰ ਸਪੋਰਟਸ ਕੰਪਲੈਕਸ ਦੀ ਵੱਧ ਤੋਂ ਵੱਧ ਵਰਤੋਂ ਕਰਨ ਅਤੇ ਇਨ੍ਹਾਂ ਸਹੂਲਤਾਂ ਦੀ ਸਾਂਭ-ਸੰਭਾਲ ਅਤੇ ਸੰਭਾਲ ਲਈ ਸਮੂਹਿਕ ਤੌਰ 'ਤੇ ਜ਼ਿੰਮੇਵਾਰੀ ਲੈਣ ਦੀ ਅਪੀਲ ਕੀਤੀ।

ਮੁੱਖ ਮੰਤਰੀ ਨੇ ਕਿਹਾ ਕਿ ਇਹ ਪ੍ਰੋਜੈਕਟ ਇਸ ਖੇਤਰ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ??ਕਰਨਗੇ ਅਤੇ ਇਸਨੂੰ ਇੱਕ ਵੱਡੇ ਖੇਡ ਕੇਂਦਰ ਵਿੱਚ ਬਦਲ ਦੇਣਗੇ। ÷ਨਵੇਂ ਉਦਘਾਟਨ ਕੀਤੇ ਗਏ ਹਾਕੀ ਸਟੇਡੀਅਮ ਨਾਲ ਜਹਾਂਗੀਰ-ਕਹੇੜੂ ਅਤੇ ਨੇੜਲੇ ਪਿੰਡਾਂ ਦੇ ਖਿਡਾਰੀਆਂ ਦੇ ਨਾਲ-ਨਾਲ ਸੁਨਾਮ ਸਮੇਤ ਆਲੇ ਦੁਆਲੇ ਦੇ ਖੇਤਰਾਂ ਦੇ ਹਾਕੀ ਪ੍ਰੇਮੀਆਂ ਨੂੰ ਲਾਭ ਹੋਵੇਗਾ। ਆਉਣ ਵਾਲਾ ਸਪੋਰਟਸ ਕੰਪਲੈਕਸ ਪਹਿਲਾਂ ਹੀ ਲਗਭਗ 30% ਪੂਰਾ ਹੋ ਚੁੱਕਾ ਹੈ ਅਤੇ ਕਈ ਖੇਡ ਵਿਸ਼ਿਆਂ ਲਈ ਆਧੁਨਿਕ ਸਹੂਲਤਾਂ ਪ੍ਰਦਾਨ ਕਰੇਗਾ, ਉਨ੍ਹਾਂ ਅੱਗੇ ਕਿਹਾ।

ਭਾਰਤੀ ਹਾਕੀ ਵਿੱਚ ਪੰਜਾਬ ਦੇ ਯੋਗਦਾਨ ਨੂੰ ਉਜਾਗਰ ਕਰਦੇ ਹੋਏ, ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਭਾਰਤੀ ਹਾਕੀ ਟੀਮ ਦੇ ਗਿਆਰਾਂ ਵਿੱਚੋਂ ਨੌਂ ਖਿਡਾਰੀ ਪੰਜਾਬ ਦੇ ਸਨ, ਜੋ ਕਿ ਇਸ ਖੇਡ ਵਿੱਚ ਸੂਬੇ ਦੇ ਡੂੰਘੇ ਜਨੂੰਨ ਅਤੇ ਅਮੀਰ ਵਿਰਾਸਤ ਨੂੰ ਦਰਸਾਉਂਦਾ ਹੈ।

70ਵੀਆਂ ਨੈਸ਼ਨਲ ਸਕੂਲ ਖੇਡਾਂ ਵਿੱਚ ਮੇਜ਼ਬਾਨ ਚੰਡੀਗੜ੍ਹ ਦਾ ਸ਼ਾਨਦਾਰ ਪ੍ਰਦਰਸ਼ਨ

ਸੌਫਟਬਾਲ ਵਿੱਚ ਲੜਕਿਆਂ ਅਤੇ ਲੜਕੀਆਂ ਦੋਨਾਂ ਵਰਗਾਂ ਦੇ ਖਿਤਾਬ ਜਿੱਤੇ, 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 34 ਟੀਮਾਂ ਨੇ ਹਿੱਸਾ ਲਿਆ



ਚੰਡੀਗੜ੍ਹ, 23 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲੜਕਿਆਂ ਅਤੇ ਲੜਕੀਆਂ, ਦੋਨਾਂ ਵਰਗਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ। ਅੱਜ ਗਵਰਨਮੈਂਟ ਮਾਡਲ ਸੀਨੀਅਰ ਸੈਕੰਡਰੀ ਸਕੂਲ (ਜੀਐੱਮਐੱਸਐੱਸ), ਸੈਕਟਰ 37-ਬੀ, ਚੰਡੀਗੜ੍ਹ ਵਿੱਚ ਆਯੋਜਿਤ ਸਮਾਪਨ ਸਮਾਰੋਹ ਦੇ ਨਾਲ ਪੰਜ ਦਿਨਾਂ ਦੀ ਚੈਂਪੀਅਨਸ਼ਿਪ ਸੰਪੰਨ ਹੋਈ। ਸਕੂਲ ਸਿੱਖਿਆ ਵਿਭਾਗ, ਚੰਡੀਗੜ੍ਹ ਪ੍ਰਸ਼ਾਸਨ ਦੁਆਰਾ ਆਯੋਜਿਤ ਇਸ ਚੈਂਪੀਅਨਸ਼ਿਪ ਵਿੱਚ 17 ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੀਆਂ 34 ਟੀਮਾਂ ਨੇ ਹਿੱਸਾ ਲਿਆ। ਇਸ ਵਿੱਚ ਲਗਭਗ 650 ਖਿਡਾਰੀ, ਕੋਚ, ਟੀਮ ਮੈਨੇਜਰ ਅਤੇ ਅਧਿਕਾਰੀ ਸ਼ਾਮਲ ਹੋਏ। ਲੜਕਿਆਂ ਦੇ ਵਰਗ ਵਿੱਚ ਚੰਡੀਗੜ੍ਹ ਨੇ ਪਹਿਲਾ, ਛੱਤੀਸਗੜ੍ਹ ਨੇ ਦੂਸਰਾ ਤੇ ਮਹਾਰਾਸ਼ਟਰ ਨੇ ਤੀਸਰਾ ਸਥਾਨ ਹਾਸਲ ਕੀਤਾ। ਉੱਥੇ ਹੀ, ਲੜਕੀਆਂ ਦੇ ਵਰਗ ਵਿੱਚ ਚੰਡੀਗੜ੍ਹ ਪਹਿਲੇ, ਮਹਾਰਾਸ਼ਟਰ ਦੂਸਰੇ ਅਤੇ ਛਤੀਸਗੜ੍ਹ ਤੀਸਰੇ ਸਥਾਨ 'ਤੇ ਰਿਹਾ।

ਚੈਂਪੀਅਨਸ਼ਿਪ ਵਿੱਚ ਸਿਖਰਲੇ ਅੱਠ ਸਥਾਨ ਪ੍ਰਾਪਤ ਕਰਨ ਵਾਲੀਆਂ ਟੀਮਾਂ ਦਾ ਵਿਵਰਣ ਇਸ ਪ੍ਰਕਾਰ ਹੈ:

ਲੜਕਿਆਂ ਦਾ ਵਰਗ - ਸਿਖਰਲੀਆਂ ਅੱਠ ਟੀਮਾਂ:

1. ਚੰਡੀਗੜ੍ਹ
2. ਛੱਤੀਸਗੜ੍ਹ
3. ਮਹਾਰਾਸ਼ਟਰ
4. ਹਰਿਆਣਾ
5. ਆਂਧਰ ਪ੍ਰਦੇਸ਼
6. ਓਡੀਸ਼ਾ
7. ਦਿੱਲੀ
8. ਰਾਜਸਥਾਨ

ਲੜਕੀਆਂ ਦਾ ਵਰਗ - ਸਿਖਰਲੀਆਂ ਅੱਠ ਟੀਮਾਂ:

1. ਚੰਡੀਗੜ੍ਹ
2. ਮਹਾਰਾਸ਼ਟਰ
3. ਛੱਤੀਸਗੜ੍ਹ
4. ਓਡੀਸ਼ਾ
5. ਤੇਲੰਗਾਨਾ
6. ਰਾਜਸਥਾਨ
7. ਕੇਰਲਮ

ਸਮਾਪਨ ਸਮਾਰੋਹ ਵਿੱਚ ਮੁੱਖ ਮਹਿਮਾਨ ਦੇ ਰੂਪ 'ਚ ਸਕੂਲ ਸਿੱਖਿਆ ਦੀ ਡਿਪਟੀ ਡਾਇਰੈਕਟਰ -9 ਸੁਸ਼੍ਰੀ ਨੀਨਾ ਕਾਲੀਆ ਅਤੇ ਵਿਸ਼ਿਸ਼ਟ ਮਹਿਮਾਨ ਦੇ ਰੂਪ ਵਿੱਚ ਸਕੂਲ ਸਿੱਖਿਆ ਦੀ ਡਿਪਟੀ ਡਾਇਰੈਕਟਰ-99 ਸੁਸ਼੍ਰੀ ਬਿੰਦੂ ਅਰੋੜਾ, ਉਪਸਥਿਤ ਰਹੇ। ਇਸ ਅਵਸਰ ਐੱਸਜੀਐੱਫਆਈ ਦੇ ਫੀਲਡ ਅਫ਼ਸਰ ਸ਼੍ਰੀ ਦੁੱਣਵੀਰ ਸਿੰਘ ਯਾਦਵ ਅਤੇ ਐੱਸਜੀਐੱਫਆਈ ਦੇ ਅਬਜ਼ਰਵਰ ਅਤੇ ਸਕੱਤਰ ਜਨਰਲ ਸ਼੍ਰੀ ਅਮਰਜੀਤ ਕੁਮਾਰ ਸ਼ਰਮਾ ਵੀ ਮੌਜੂਦ ਰਹੇ। ਚੰਡੀਗੜ੍ਹ ਜੇਤੂ ਟੀਮ - ਲੜਕਿਆਂ ਦਾ ਵਰਗ

ਸ਼ਿਵੀ, ਕ੍ਰਿਸ਼, ਅਮਨ, ਆਯੁਸ਼, ਬ੍ਰਿਜੇਸ਼, ਸੁਮਿਤ, ਰਾਮ ਗੋਪਾਲ, ਯਸ਼ ਪਾਲ, ਰੋਹਨ, ਅਰਮਾਨ, ਫਤਿਹਬੀਰ, ਸਚਿਨ, ਰੁਦਰ ਪ੍ਰਤਾਪ, ਮਣੀ, ਅਭਿਰ ਅਤੇ ਕਯਾਨ।

ਚੰਡੀਗੜ੍ਹ ਜੇਤੂ ਟੀਮ - ਲੜਕੀਆਂ ਦਾ ਵਰਗ

ਭੂਮਿਕਾ, ਤਾਨਯਾ, ਆਕ੍ਰਿਤੀ, ਸੰਧਿਆ, ਆਰੂਸ਼ੀ, ਮੁਸਕਾਨ, ਸਮ੍ਰਿੱਧੀ, ਕ੍ਰਿਤੀ, ਗੁਰਲੀਨ, ਅਨੰਨਯਾ ਰਘੂ, ਰੋਸ਼ਨੀ, ਅਨੰਨਯਾ, ਪ੍ਰੀਤ, ਨੀਤੂ, ਰਿਧਿਮਾ ਅਤੇ ਲਕਸ਼ਮੀ।

ਚੰਡੀਗੜ੍ਹ ਵਿੱਚ ਸੱਤ ਸਾਲਾਂ ਦੇ ਅੰਤਰਾਲ ਤੋਂ ਬਾਅਦ ਸੌਫਟਬਾਲ ਦੀ ਨੈਸ਼ਨਲ ਸਕੂਲ ਖੇਡ ਚੈਂਪੀਅਨਸ਼ਿਪ ਆਯੋਜਿਤ ਕੀਤੀ ਗਈ। ਚੈਂਪੀਅਨਸ਼ਿਪ ਦੇ ਮੈਚ ਚਾਰ ਸਥਾਨਾਂ 'ਤੇ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਜੀਐੱਮਐੱਸਐੱਸਐੱਸ -35, ਜੀਐੱਮਐੱਸਐੱਸਐੱਸ -37ਬੀ,ਜੀਐੱਮਐੱਸਐੱਸ-15 ਤੇ ਜੀਐੱਮਐੱਸਐੱਸਐੱਸ-23 ਸ਼ਾਮਲ ਰਹੇ। ਇਸ ਚੈਂਪੀਅਨਸ਼ਿਪ ਨੇ ਦੇਸ਼ ਭਰ ਤੋਂ ਆਏ ਯੁਵਾ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ, ਖੇਡ ਕੌਸ਼ਲ ਨੂੰ ਨਿਖਾਰਨ ਅਤੇ ਖੇਡ ਭਾਵਨਾ ਦੇ ਨਾਲ ਮੁਕਾਬਲਾ ਕਰਨ ਦਾ ਅਵਸਰ ਪ੍ਰਦਾਨ ਕੀਤਾ।

ਹੇਸਟਿੰਗਜ਼ ਵਿਖੇ ਮਨਾਏ ਗਏ 7ਵੇਂ ਪੰਜਾਬੀ ਭਾਸ਼ਾ ਹਫ਼ਤੇ ਮੌਕੇ ਸਾਂਸਦ, ਮੇਅਰ, ਡਿਪਟੀ ਮੇਅਰ ਅਤੇ ਲਾਇਬ੍ਰੇਰੀ ਸਟਾਫ ਨੇ ਪਹੁੰਚ ਕੇ ਵਧਾਇਆ ਹੌਂਸਲਾ

ਔਕਲੈਂਡ, 23 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹੇਸਟਿੰਗਜ਼ ਵਿਖੇ 7ਵਾਂ ਪੰਜਾਬੀ ਭਾਸ਼ਾ ਹਫ਼ਤਾ ਟੋਈਟੋਈ ਈਵੈਂਟ ਸੈਂਟਰ ਵਿੱਚ ਬਹੁਤ ਹੀ ਉਤਸ਼ਾਹ ਅਤੇ ਸ਼ਾਨਦਾਰ ਢੰਗ ਨਾਲ ਸੰਪੰਨ ਹੋਇਆ। ਇਹ ਸਮਾਗਮ ਇਸ ਸਾਲ ਦੇ ਪੰਜਾਬੀ ਭਾਸ਼ਾ ਹਫ਼ਤੇ ਦਾ ਆਖਰੀ ਅਤੇ ਯਾਦਗਾਰ ਸਮਾਗਮ ਸਾਬਤ ਹੋਇਆ। 'ਸਾਡੀ ਬੋਲੀ, ਸਾਡਾ ਮਾਣ' ਉਦੇਸ਼ ਹੇਠ ਕਰਵ

ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ ਨੇ ਪੰਜਾਬ ਦੀ ਜਵਾਨੀ ਨੂੰ ਬਰਬਾਦ ਕੀਤਾ: ਭਗਵੰਤ ਮਾਨ

➢ ਪੰਜਾਬ ਨੂੰ ਨੰਬਰ ਇੱਕ ਬਣਾਉਣ ਲਈ ਕੰਮ ਕਰਦਿਆਂ ਲੋਕ ਭਲਾਈ ਸਾਡੀ ਇੱਕੋ-ਇੱਕ ਤਰਜੀਹ ➢ ਅਧਿਆਪਕ ਦੇ ਪੁੱਤਰ ਨੂੰ ਮੁੱਖ ਮੰਤਰੀ ਬਣਾਉਣ ਵਾਲੇ ਲੋਕਾਂ ਦੇ ਭਰੋਸੇ ਨੂੰ ਕਦੇ ਨਹੀਂ ਤੋੜਾਂਗਾ ➢ ਮੈਂ ਸਿਆਸਤ ਵਿੱਚ ਪੈਸਾ ਕਮਾਉਣ ਲਈ ਨਹੀਂ, ਸਗੋਂ ਪੰਜਾਬ ਵਿੱਚ ਉਸਾਰੂ ਤਬਦੀਲੀ ਲਿਆਉਣ ਲਈ ਆਇਆ ਹਾਂ

ਸਮਰਾਲਾ, 22 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਾਂਗਰਸ ਅਤੇ ਅਕਾਲੀ-ਭਾਜਪਾ ਸਰਕਾਰਾਂ 'ਤੇ ਤਿੱਖਾ ਹਮਲਾ ਕਰਦਿਆਂ ਪੰਜਾਬ ਦੀ ਜਵਾਨੀ ਨੂੰ ਬਰਬਾਦ ਕਰਨ ਲਈ ਉਨ੍ਹਾਂ ਦੀਆਂ ਨੀਤੀਆਂ ਨੂੰ ਜ਼ਿੰਮੇਵਾਰ ਠਹਿਰਾਇਆ ਅਤੇ ਆਖਿਆ ਕਿ ਸਾਡੀ ਸਰਕਾਰ ਲੋਕ ਭਲਾਈ ਨੂੰ ਸਭ ਤੋਂ ਉੱਪਰ ਰੱਖ ਕੇ ਅਤੇ ਪੰਜਾਬ ਨੂੰ ਨੰਬਰ ਇੱਕ ਬਣਾ ਕੇ ਉਸ ਨੁਕਸਾਨ ਦੀ ਭਰਪਾਈ ਕਰਨ ਲਈ ਵਚਨਬੱਧ ਹੈ। ਸਿਆਸਤ ਵਿੱਚ ਦੌਲਤ ਇਕੱਠੀ ਕਰਨ ਲਈ ਨਹੀਂ, ਸਗੋਂ ਸਕਾਰਾਤਮਕ ਤਬਦੀਲੀ ਲਈ ਆਉਣ ਦੀ ਗੱਲ ਆਖਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਹ ਉਨ੍ਹਾਂ ਲੋਕਾਂ ਦੇ ਭਰੋਸੇ ਨੂੰ ਕਦੇ ਨਹੀਂ ਤੋੜਨਗੇ, ਜਿਨ੍ਹਾਂ ਨੇ ਇੱਕ ਅਧਿਆਪਕ ਦੇ ਪੁੱਤਰ ਨੂੰ ਮੁੱਖ ਮੰਤਰੀ ਬਣਾਇਆ ਹੈ। ਸਮਰਾਲਾ ਦੇ ਪਿੰਡ ਹੇਡੋਂ ਬੇਟ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਉਨ੍ਹਾਂ ਪਿੰਡ ਦੇ ਸਰਬਪੱਖੀ ਵਿਕਾਸ ਲਈ 51 ਲੱਖ ਰੁਪਏ ਦੀ ਗ੍ਰਾਂਟ ਦੇ ਕੇ ਆਪਣੀ ਇਸ ਵਚਨਬੱਧਤਾ ਨੂੰ ਹੋਰ ਮਜ਼ਬੂਤ ਕੀਤਾ, ਜਿਸ ਵਿੱਚ ਡਿਸਪੈਂਸਰੀ, ਖੇਡ ਮੈਦਾਨ, ਕਮਿਊਨਿਟੀ ਸੈਂਟਰ, ਆਂਗਣਵਾੜੀ ਸੈਂਟਰ ਅਤੇ ਸੀਵਰੇਜ ਢਾਂਚੇ ਦਾ ਵਿਕਾਸ ਸ਼ਾਮਲ ਹੈ।

ਐਕਸ 'ਤੇ ਜਾਣਕਾਰੀ ਸਾਂਝੀ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਮਰਾਲਾ ਦੇ ਪਿੰਡ ਹੇਡੋਂ ਬੇਟ ਵਿਖੇ 'ਲੋਕ ਮਿਲਣੀ' ਪ੍ਰੋਗਰਾਮ ਦੌਰਾਨ ਲੋਕਾਂ ਵੱਲੋਂ ਮਿਲਿਆ ਭਰਵਾਂ ਹੁੰਗਾਰਾ ਬੇਹੱਦ ਉਤਸ਼ਾਹਜਨਕ ਸੀ। ਸਾਡਾ ਯਤਨ ਹਰ ਪਿੰਡ ਤੱਕ ਪਹੁੰਚਣਾ ਅਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਤੇ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਹੱਲ ਕਰਨਾ ਹੈ। ਸਾਡੇ ਪਿੰਡਾਂ ਦੀ ਨੁਹਾਰ ਬਦਲਣ ਲਈ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ। ਅੱਜ ਹੇਡੋਂ ਬੇਟ ਦੇ ਸਰਬਪੱਖੀ ਵਿਕਾਸ ਲਈ ਗ੍ਰਾਮ ਪੰਚਾਇਤ ਨੂੰ 51 ਲੱਖ ਰੁਪਏ ਦੀ ਗ੍ਰਾਂਟ ਦਾ ਚੈੱਕ ਸੌਂਪਿਆ ਗਿਆ ਹੈ, ਜਿਸ ਵਿੱਚ ਡਿਸਪੈਂਸਰੀ, ਖੇਡ ਮੈਦਾਨ, ਕਮਿਊਨਿਟੀ ਸੈਂਟਰ, ਆਂਗਣਵਾੜੀ ਸੈਂਟਰ ਅਤੇ ਪਾਣੀ ਦੀ ਨਿਕਾਸੀ ਦੀਆਂ ਬਿਹਤਰ ਸਹੂਲਤਾਂ ਸ਼ਾਮਲ ਹਨ। ਲੋਕਾਂ ਦੇ ਸਹਿਯੋਗ ਅਤੇ ਸਮਰਥਨ ਨਾਲ ਪੰਜਾਬ ਦੀ ਤਰੱਕੀ ਅਤੇ ਖ਼ੁਸ਼ਹਾਲੀ ਵੱਲ ਇਹ ਸਫ਼ਰ ਜਾਰੀ ਰਹੇਗਾ।

ਸਮਰਾਲਾ ਵਿਧਾਨ ਸਭਾ ਹਲਕੇ ਵਿੱਚ 'ਲੋਕ ਮਿਲਣੀ' ਪ੍ਰੋਗਰਾਮ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਾਡੀ ਸਰਕਾਰ ਨਿੱਜੀ ਮੁਨਾਫ਼ੇਖੋਰੀ ਦੀ ਸਿਆਸਤ ਨੂੰ ਖ਼ਤਮ ਕਰਨ ਅਤੇ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਜਨਤਾ ਦਾ ਇੱਕ-ਇੱਕ ਪੈਸਾ ਆਮ ਲੋਕਾਂ ਦੀ ਭਲਾਈ 'ਤੇ ਖ਼ਰਚ ਹੋਵੇ। ਸਾਡੀ ਸਰਕਾਰ ਇੱਕ ਖ਼ੁਸ਼ਹਾਲ ਸੂਬਾ ਸਿਰਜਣ ਲਈ ਸਿੱਖਿਆ, ਸਿਹਤ ਸੰਭਾਲ, ਰੋਜ਼ਗਾਰ, ਸਿੰਜਾਈ, ਬੁਨਿਆਦੀ ਢਾਂਚੇ ਅਤੇ ਮਹਿਲਾ ਸ਼ਕਤੀਕਰਨ ਨੂੰ ਤਰਜੀਹ ਦੇ ਰਹੀ ਹੈ।

ਪਿਛਲੀਆਂ ਅਕਾਲੀ-ਭਾਜਪਾ ਅਤੇ ਕਾਂਗਰਸ ਸਰਕਾਰਾਂ 'ਤੇ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ ਸ਼ਾਸਨ ਦੌਰਾਨ ਸਿਸਟਮ ਵਿੱਚ ਭ੍ਰਿਸ਼ਟਾਚਾਰ ਡੂੰਘੀਆਂ ਜੜ੍ਹਾਂ ਜਮ੍ਹਾ ਚੁੱਕਾ ਸੀ ਅਤੇ ਸਿਆਸੀ ਆਗੂ ਖਾਣ-ਪੀਣ ਦੀਆਂ ਦੁਕਾਨਾਂ, ਹੋਟਲਾਂ ਅਤੇ ਟਰਾਂਸਪੋਰਟ ਸੇਵਾਵਾਂ ਵਰਗੇ ਛੋਟੇ ਕਾਰੋਬਾਰਾਂ ਅਤੇ ਅਦਾਰਿਆਂ ਤੋਂ ਵੀ ਕਮਿਸ਼ਨ ਮੰਗਦੇ ਸਨ। ਉਨ੍ਹਾਂ ਕਿਹਾ, ਆਰਥਿਕ ਵਿਕਾਸ ਨੂੰ ਸੁਖਾਲਾ ਬਣਾਉਣ ਅਤੇ ਮੌਕੇ ਪੈਦਾ ਕਰਨ ਦੀ ਬਜਾਏ ਇਨ੍ਹਾਂ ਸਰਕਾਰਾਂ ਨੇ ਆਪਣੇ ਨਿੱਜੀ ਸਵਾਰਥਾਂ ਰਾਹੀਂ ਆਮ ਲੋਕਾਂ ਦਾ ਜਿਊਣਾ ਦੁੱਭਰ ਕਰ ਦਿੱਤਾ ਸੀ। ਜਨਤਾ ਦਾ ਪੈਸਾ ਲੋਕਾਂ ਦਾ ਹੈ ਅਤੇ ਇਸ ਦੀ ਵਰਤੋਂ ਉਨ੍ਹਾਂ ਦੀ ਭਲਾਈ ਲਈ ਹੀ ਹੋਣੀ ਚਾਹੀਦੀ ਹੈ। ਇਸ ਨੂੰ ਸਿਆਸੀ ਆਗੂਆਂ ਦੀ ਲਾਲਸਾ ਪੂਰੀ ਕਰਨ ਲਈ ਖੁਰਦ-ਬੁਰਦ ਕਰਨ ਦੀ ਬਜਾਏ ਸਕੂਲਾਂ, ਹਸਪਤਾਲਾਂ, ਸੜਕਾਂ, ਸਿੰਜਾਈ ਸਹੂਲਤਾਂ ਅਤੇ ਹੋਰ ਜ਼ਰੂਰੀ ਬੁਨਿਆਦੀ ਢਾਂਚੇ 'ਤੇ ਨਿਵੇਸ਼ ਕੀਤਾ ਜਾਣਾ ਚਾਹੀਦਾ ਹੈ।

ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ 'ਤੇ ਤਨਜ਼ ਕਸਦਿਆਂ ਉਨ੍ਹਾਂ ਅਕਾਲੀ ਲੀਡਰਸ਼ਿਪ ਦੇ ਸਿਆਸੀ ਸਟੈਂਡ 'ਤੇ ਸਵਾਲ ਉਠਾਏ ਅਤੇ ਕਿਹਾ ਕਿ ਜਿਹੜੇ ਆਗੂ ਪਹਿਲਾਂ ਕਈ ਮੁੱਦਿਆਂ 'ਤੇ ਭਾਜਪਾ ਦੀ ਆਲੋਚਨਾ ਕਰਦੇ ਸਨ, ਉਹ ਹੁਣ ਉਸੇ ਪਾਰਟੀ ਨਾਲ ਗਠਜੋੜ ਕਰਨ ਲਈ ਤਰਲੋਮੱਛੀ ਹੋ ਰਹੇ ਹਨ। ਉਨ੍ਹਾਂ ਅੱਗੇ ਕਿਹਾ, ਅਜਿਹੇ ਆਗੂਆਂ ਦੇ ਬਦਲਦੇ ਸਿਆਸੀ ਸਟੈਂਡ ਇਹ ਦਰਸਾਉਂਦੇ ਹਨ ਕਿ ਕਿਵੇਂ ਸਿਆਸੀ ਅਹੁਦਿਆਂ ਨੂੰ ਵਾਰ-ਵਾਰ ਜਨਤਕ ਹਿੱਤਾਂ ਤੋਂ ਉੱਪਰ ਰੱਖਿਆ ਗਿਆ ਹੈ।

ਉਨ੍ਹਾਂ ਅਜਿਹੇ ਆਗੂਆਂ ਦੀ ਭਰੋਸੇਯੋਗਤਾ 'ਤੇ ਵੀ ਸਵਾਲ ਚੁੱਕੇ, ਜੋ ਆਪਣੇ ਨਿੱਜੀ ਅਤੇ ਸਿਆਸੀ ਹਿੱਤਾਂ ਅਨੁਸਾਰ ਲਗਾਤਾਰ ਸਿਆਸੀ ਪਾਰਟੀਆਂ ਬਦਲਦੇ ਰਹਿੰਦੇ ਹਨ ਅਤੇ ਕਿਹਾ ਕਿ ਪੰਜਾਬ ਨੂੰ ਸਿਆਸੀ ਮੌਕਾਪ੍ਰਸਤੀ ਦੀ ਬਜਾਏ ਲੋਕ ਸੇਵਾ ਨੂੰ ਸਮਰਪਿਤ ਲੀਡਰਸ਼ਿਪ ਦੀ ਲੋੜ ਹੈ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਲੋਕਾਂ ਨੂੰ ਬੁਨਿਆਦੀ ਢਾਂਚਾ ਵੀ ਮੁਹੱਈਆ ਕਰਵਾਉਣ ਵਿੱਚ ਅਸਫ਼ਲ ਰਹੀਆਂ, ਜਿਸ ਕਾਰਨ ਲੋਕਾਂ ਨੂੰ ਖਸਤਾ ਹਾਲ ਸੜਕਾਂ ਅਤੇ ਨਾਕਾਫ਼ੀ ਨਾਗਰਿਕ ਸਹੂਲਤਾਂ ਨਾਲ ਜੂਝਣਾ ਪਿਆ। ਸਾਬਕਾ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ 'ਤੇ ਵਿਅੰਗ ਕਸਦਿਆਂ ਉਨ੍ਹਾਂ ਕਿਹਾ ਕਿ ਜਨਤਾ ਤੋਂ ਦੂਰ ਰਹਿਣ ਵਾਲੇ ਆਗੂਆਂ ਦੇ ਉਲਟ ਸਾਡੀ ਸਰਕਾਰ ਲੋਕਾਂ ਤੱਕ ਪਹੁੰਚ ਕਰਨ, ਉਨ੍ਹਾਂ ਦੀਆਂ ਸ਼ਿਕਾਇਤਾਂ ਸੁਣਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਿੱਧੇ ਤੌਰ 'ਤੇ ਹੱਲ ਕਰਨ ਵਿੱਚ ਵਿਸ਼ਵਾਸ ਰੱਖਦੀ ਹੈ। ਉਨ੍ਹਾਂ ਕਿਹਾ, ਪਿਛਲੇ ਹਾਕਮਾਂ ਨੇ ਖ਼ੁਦ ਨੂੰ ਆਪਣੇ ਆਲੀਸ਼ਾਨ ਮਹਿਲਾਂ ਦੀਆਂ ਉੱਚੀਆਂ ਕੰਧਾਂ ਪਿੱਛੇ ਕੈਦ ਕਰ ਲਿਆ ਸੀ ਅਤੇ ਜ਼ਮੀਨੀ ਹਕੀਕਤਾਂ ਤੋਂ ਪੂਰੀ ਤਰ੍ਹਾਂ ਕੱਟੇ ਰਹੇ। ਅਖ਼ੀਰ ਲੋਕਾਂ ਨੇ ਉਨ੍ਹਾਂ ਨੂੰ ਨਕਾਰ ਦਿੱਤਾ। ਸਾਡੀ ਸਰਕਾਰ ਲੋਕਾਂ ਨੂੰ ਸਿੱਧੇ ਮਿਲਣ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਵਿੱਚ ਵਿਸ਼ਵਾਸ ਰੱਖਦੀ ਹੈ।

ਲੋਕਾਂ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਨੇ ਕਿਹਾ, ਮੈਂ ਇੱਕ ਸਾਧਾਰਨ ਪਰਿਵਾਰ ਨਾਲ ਸਬੰਧ ਰੱਖਦਾ ਹਾਂ ਅਤੇ ਕਿਸਾਨਾਂ, ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਕਿਰਤੀ ਪਰਿਵਾਰਾਂ ਦੀਆਂ ਮੁਸ਼ਕਲਾਂ ਨੂੰ ਚੰਗੀ ਤਰ੍ਹਾਂ ਸਮਝਦਾ ਹਾਂ। ਮੈਂ ਪੰਜਾਬ ਵਿੱਚ ਉਸਾਰੂ ਬਦਲਾਅ ਲਿਆਉਣ ਅਤੇ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਦੇ ਇੱਕੋ-ਇੱਕ ਉਦੇਸ਼ ਨਾਲ ਸਿਆਸਤ ਵਿੱਚ ਆਇਆ ਹਾਂ। ਲੋਕਾਂ ਦਾ ਪਿਆਰ ਅਤੇ ਅਸ਼ੀਰਵਾਦ ਮੇਰੀ ਸਭ ਤੋਂ ਵੱਡੀ ਤਾਕਤ ਹੈ। ਮੈਂ ਸਿਆਸਤ ਵਿੱਚ ਪੈਸਾ ਕਮਾਉਣ ਲਈ ਨਹੀਂ, ਸਗੋਂ ਪੰਜਾਬ ਨੂੰ ਬਦਲਣ ਲਈ ਆਇਆ ਹਾਂ। ਲੋਕਾਂ ਨੇ ਮੇਰੇ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਮੈਂ ਉਸ ਨੂੰ ਕਦੇ ਨਹੀਂ ਤੋੜਾਂਗਾ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਇਕੱਠ ਨੂੰ ਭਰੋਸਾ ਦਿਵਾਇਆ ਕਿ 'ਲੋਕ ਮਿਲਣੀ' ਪ੍ਰੋਗਰਾਮਾਂ ਦੌਰਾਨ ਲੋਕਾਂ ਵੱਲੋਂ ਉਠਾਈਆਂ ਗਈਆਂ ਜਾਇਜ਼ ਮੰਗਾਂ ਅਤੇ ਸ਼ਿਕਾਇਤਾਂ ਦਾ ਪਹਿਲ ਦੇ ਆਧਾਰ 'ਤੇ ਨਿਬੇੜਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਦਾ ਉਦੇਸ਼ ਸ਼ਾਸਨ ਨੂੰ ਪਹੁੰਚਯੋਗ, ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣਾ ਹੈ, ਨਾਲ ਹੀ ਇਹ ਯਕੀਨੀ ਬਣਾਉਣਾ ਹੈ ਕਿ ਜਨਤਕ ਫੰਡਾਂ ਦੀ ਵਰਤੋਂ ਸਿਰਫ਼ ਲੋਕਾਂ ਦੇ ਫਾਇਦੇ ਲਈ ਹੀ ਕੀਤੀ ਜਾਵੇ।

ਔਰਤਾਂ ਦੀ ਭਲਾਈ, ਮਾਣ-ਸਨਮਾਨ ਅਤੇ ਆਰਥਿਕ ਸ਼ਕਤੀਕਰਨ ਪ੍ਰਤੀ ਆਪਣੀ ਸਰਕਾਰ ਦੀ ਵਚਨਬੱਧਤਾ ਦੁਹਰਾਉਂਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪਹਿਲੀ ਦਸੰਬਰ ਨੂੰ ਸੂਬੇ ਭਰ ਦੀਆਂ ਮਾਵਾਂ-ਭੈਣਾਂ ਤੱਕ ਵਿੱਤੀ ਸਹਾਇਤਾ ਇੱਕ ਵਾਰ ਫਿਰ ਪਹੁੰਚ ਜਾਵੇਗੀ। ਉਨ੍ਹਾਂ ਕਿਹਾ ਕਿ ਸਰਕਾਰ ਦੀ ਨੀਅਤ ਸਾਫ਼ ਹੈ ਅਤੇ ਇਸ ਦੀਆਂ ਭਲਾਈ ਸਕੀਮਾਂ ਦਾ ਮੰਤਵ ਜਨਤਾ ਦਾ ਪੈਸਾ ਸਿੱਧਾ ਲੋਕਾਂ ਨੂੰ ਵਾਪਸ ਕਰਨਾ ਹੈ। ਉਨ੍ਹਾਂ ਕਿਹਾ, ਸਰਕਾਰ ਕਿਸੇ 'ਤੇ ਕੋਈ ਅਹਿਸਾਨ ਨਹੀਂ ਕਰ ਰਹੀ। ਇਹ ਪੰਜਾਬ ਦੇ ਲੋਕਾਂ ਪ੍ਰਤੀ ਆਪਣੀ ਜ਼ਿੰਮੇਵਾਰੀ ਨਿਭਾ ਰਹੀ ਹੈ। ਸਾਡੀਆਂ ਮਾਵਾਂ-ਭੈਣਾਂ ਦਾ ਮਾਣ-ਸਨਮਾਨ, ਸੁਰੱਖਿਆ ਅਤੇ ਵਿੱਤੀ ਸ਼ਕਤੀਕਰਨ ਸਾਡੀਆਂ ਪ੍ਰਮੁੱਖ ਤਰਜੀਹਾਂ ਵਿੱਚ ਸ਼ਾਮਲ ਹੈ।



ਲੋਕਾਂ, ਖ਼ਾਸ ਕਰ ਕੇ ਆਪਣੇ ਰੋਜ਼ਾਨਾ ਦੇ ਰੁਝੇਵਿਆਂ ਨੂੰ ਛੱਡ ਕੇ 'ਲੋਕ ਮਿਲਣੀ' ਵਿੱਚ ਸ਼ਾਮਲ ਹੋਣ ਵਾਲੀਆਂ ਮਾਵਾਂ-ਭੈਣਾਂ ਦਾ ਧੰਨਵਾਦ ਕਰਦਿਆਂ ਉਨ੍ਹਾਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਵਿਸ਼ਵਾਸ ਸਾਨੂੰ ਹੋਰ ਵੀ ਵੱਧ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਤ ਕਰਦਾ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ, ਇਹ ਭਰਵੀਂ ਸ਼ਮੂਲੀਅਤ ਸਰਕਾਰ ਦੀਆਂ ਵਿਕਾਸ ਪਹਿਲਕਦਮੀਆਂ ਵਿੱਚ ਲੋਕਾਂ ਦੀ ਸ਼ਮੂਲੀਅਤ ਅਤੇ ਪੰਜਾਬ ਦੇ ਭਵਿੱਖ ਪ੍ਰਤੀ ਉਨ੍ਹਾਂ ਦੀਆਂ ਉਮੀਦਾਂ ਨੂੰ ਦਰਸਾਉਂਦੀ ਹੈ।

ਆਪਣੀ ਸਰਕਾਰ ਦੇ ਰੋਜ਼ਗਾਰ ਰਿਕਾਰਡ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, ਸਾਢੇ ਚਾਰ ਸਾਲਾਂ ਤੋਂ ਵੱਧ ਸਮੇਂ ਵਿੱਚ ਨੌਜਵਾਨਾਂ ਨੂੰ 71,000 ਤੋਂ ਵੱਧ ਸਰਕਾਰੀ ਨੌਕਰੀਆਂ ਪੂਰੀ ਤਰ੍ਹਾਂ ਮੈਰਿਟ ਦੇ ਆਧਾਰ 'ਤੇ ਅਤੇ ਬਿਨਾਂ ਕਿਸੇ ਸਿਆਸੀ ਸਿਫ਼ਾਰਸ਼ ਜਾਂ ਪੱਖਪਾਤ ਦੇ ਦਿੱਤੀਆਂ ਗਈਆਂ ਹਨ। ਸਾਡੀ ਸਰਕਾਰ ਨੇ ਸਿਫ਼ਾਰਸ਼ਾਂ, ਰਸੂਖ਼ ਅਤੇ ਭ੍ਰਿਸ਼ਟਾਚਾਰ ਦੇ ਪੁਰਾਣੇ ਸੱਭਿਆਚਾਰ ਦੀ ਥਾਂ ਇੱਕ ਪਾਰਦਰਸ਼ੀ ਭਰਤੀ ਪ੍ਰਣਾਲੀ ਲਾਗੂ ਕੀਤੀ ਹੈ, ਜਿਸ ਵਿੱਚ ਸਾਧਾਰਨ ਪਰਿਵਾਰਾਂ ਦੇ ਯੋਗ ਉਮੀਦਵਾਰਾਂ ਨੂੰ ਬਰਾਬਰ ਮੌਕੇ ਮਿਲੇ ਹਨ। ਨੌਜਵਾਨ ਝੂਠੇ ਵਾਅਦਿਆਂ ਦੇ ਨਹੀਂ, ਸਗੋਂ ਮੌਕਿਆਂ ਦੇ ਹੱਕਦਾਰ ਹਨ। ਉਨ੍ਹਾਂ ਦਾ ਭਵਿੱਖ ਪੈਸੇ, ਰਸੂਖ਼ ਜਾਂ ਸਿਆਸੀ ਪਹੁੰਚ ਨਾਲ ਨਹੀਂ, ਸਗੋਂ ਸਖ਼ਤ ਮਿਹਨਤ ਅਤੇ ਮੈਰਿਟ ਨਾਲ ਤੈਅ ਹੋਣਾ ਚਾਹੀਦਾ ਹੈ। ਹਰ ਯੋਗ ਉਮੀਦਵਾਰ ਨੂੰ ਇਹ ਭਰੋਸਾ ਹੋਣਾ ਚਾਹੀਦਾ ਹੈ ਕਿ ਸਿਰਫ਼ ਮੈਰਿਟ ਦੇ ਆਧਾਰ 'ਤੇ ਹੀ ਸਰਕਾਰੀ ਨੌਕਰੀ ਹਾਸਲ ਕੀਤੀ ਜਾ ਸਕਦੀ ਹੈ।

ਸਿੱਖਿਆ ਖੇਤਰ ਵਿੱਚ ਆਈ ਕ੍ਰਾਂਤੀ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਉਨ੍ਹਾਂ ਨੇ 2022 ਵਿੱਚ ਅਹੁਦਾ ਸੰਭਾਲਿਆ ਸੀ ਤਾਂ ਸਿੱਖਿਆ ਦੇ ਖੇਤਰ ਵਿੱਚ ਪੰਜਾਬ 27ਵੇਂ ਸਥਾਨ 'ਤੇ ਸੀ, ਜਦੋਂ ਕਿ ਹੁਣ ਕੇਂਦਰ ਸਰਕਾਰ ਦੇ ਮੁਲਾਂਕਣ ਅਨੁਸਾਰ ਸੂਬੇ ਨੇ ਪ੍ਰਾਇਮਰੀ ਸਿੱਖਿਆ ਵਿੱਚ ਪਹਿਲਾ ਸਥਾਨ ਹਾਸਲ ਕਰ ਲਿਆ ਹੈ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਨੂੰ ਆਧੁਨਿਕ ਅਧਿਆਪਨ ਤਕਨੀਕਾਂ ਅਤੇ ਅੰਤਰਰਾਸ਼ਟਰੀ ਪੱਧਰ ਦੇ ਬਿਹਤਰੀਨ ਤਰੀਕਿਆਂ ਨਾਲ ਲੈਸ ਕਰਨ ਲਈ ਫਿਨਲੈਂਡ, ਸਿੰਗਾਪੁਰ ਅਤੇ ਇੰਡੀਅਨ ਇੰਸਟੀਚਿਊਟ ਆਫ਼ ਮੈਨੇਜਮੈਂਟ ਵਰਗੀਆਂ ਵੱਕਾਰੀ ਸੰਸਥਾਵਾਂ ਵਿੱਚ ਭੇਜਿਆ ਜਾ ਰਿਹਾ ਹੈ। ਉਨ੍ਹਾਂ ਅੱਗੇ ਕਿਹਾ, ਸਕੂਲ ਆਫ਼ ਐਮੀਨੈਂਸ ਵੀ ਵਿਦਿਆਰਥੀਆਂ ਨੂੰ ਸਿੱਖਣ ਦਾ ਬਿਹਤਰ ਮਾਹੌਲ, ਵਧੀਆ ਸਹੂਲਤਾਂ ਅਤੇ ਆਪਣੀਆਂ ਇੱਛਾਵਾਂ ਪੂਰੀਆਂ ਕਰਨ ਦੇ ਮੌਕੇ ਪ੍ਰਦਾਨ ਕਰ ਰਹੇ ਹਨ।

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਸਿਰਫ਼ ਰਾਸ਼ਨ ਕਾਰਡ ਕਿਸੇ ਪਰਿਵਾਰ ਨੂੰ ਗ਼ਰੀਬੀ ਵਿੱਚੋਂ ਬਾਹਰ ਨਹੀਂ ਕੱਢ ਸਕਦੇ, ਸਗੋਂ ਮਿਆਰੀ ਸਿੱਖਿਆ ਪੂਰੀ ਪੀੜ੍ਹੀ ਦੀ ਤਕਦੀਰ ਬਦਲ ਸਕਦੀ ਹੈ। ਸਿੱਖਿਆ ਸਮਾਜਿਕ ਤਰੱਕੀ ਯਕੀਨੀ ਬਣਾਉਣ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਦੇ ਬੱਚਿਆਂ ਲਈ ਬਰਾਬਰ ਮੌਕੇ ਪੈਦਾ ਕਰਨ ਦਾ ਸਭ ਤੋਂ ਸ਼ਕਤੀਸ਼ਾਲੀ ਸਾਧਨ ਹੈ।

ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਦੀ ਕਾਰਗੁਜ਼ਾਰੀ ਵਿੱਚ ਹੋਏ ਸੁਧਾਰ ਦਾ ਹਵਾਲਾ ਦਿੰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ 2021 ਦੇ ਸਿਰਫ਼ 80 ਵਿਦਿਆਰਥੀਆਂ ਦੇ ਮੁਕਾਬਲੇ ਇਸ ਵਾਰ ਸਰਕਾਰੀ ਸਕੂਲਾਂ ਦੇ 882 ਵਿਦਿਆਰਥੀਆਂ ਨੇ ਨੀਟ ਦੀ ਪ੍ਰੀਖਿਆ ਪਾਸ ਕੀਤੀ ਹੈ। ਉਨ੍ਹਾਂ ਕਿਹਾ, ਲਗਪਗ ਗਿਆਰਾਂ ਗੁਣਾ ਇਹ ਵਾਧਾ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਲਗਾਤਾਰ ਯਤਨਾਂ ਸਦਕਾ ਹੋਈ ਤਰੱਕੀ ਨੂੰ ਦਰਸਾਉਂਦਾ ਹੈ। ਰਿਕਸ਼ਾ ਚਾਲਕਾਂ, ਛੋਟੇ ਦੁਕਾਨਦਾਰਾਂ ਅਤੇ ਸਬਜ਼ੀ ਵੇਚਣ ਵਾਲਿਆਂ ਦੇ ਬੱਚੇ ਹੁਣ ਨੀਟ ਵਰਗੀਆਂ ਵੱਕਾਰੀ ਪ੍ਰੀਖਿਆਵਾਂ ਪਾਸ ਕਰ ਰਹੇ ਹਨ ਅਤੇ ਡਾਕਟਰੀ ਤੇ ਹੋਰ ਪੇਸ਼ੇਵਰ ਖੇਤਰਾਂ ਵਿੱਚ ਆਪਣਾ ਭਵਿੱਖ ਬਣਾ ਰਹੇ ਹਨ।

ਉਨ੍ਹਾਂ ਕ



ਹਰਿਆਣਾ ਖ਼ਬਰਨਾਮਾ



ਸ਼ਿਕਾਇਤਾਂ ਦੇ ਹੱਲ ਲਈ ਨੀਤੀ ਵਿੱਚ ਬਦਲਾਅ ਕਰਨ ਦਾ ਫੈਸਲਾ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 23 ਨਵੰਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਆਮ ਲੋਕਾਂ ਦੀਆਂ ਸ਼ਿਕਾਇਤਾਂ ਦੇ ਆਧਾਰ 'ਤੇ ਸੂਬਾ ਪੱਧਰੀ ਨੀਤੀਆਂ ਵਿੱਚ ਲੋੜੀਂਦੇ ਬਦਲਾਅ ਕਰਨ ਦਾ ਫੈਸਲਾ ਲਿਆ ਗਿਆ ਹੈ, ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਆਸਾਨੀ ਨਾਲ ਮਿਲ ਸਕੇ। ਉਹ ਐਤਵਾਰ ਨੂੰ ਸਥਾਨਕ ਪੰਚਾਇਤ ਭਵਨ ਵਿਖੇ ਆਯੋਜਿਤ ਜ਼ਿਲ੍ਹਾ ਲੋਕ ਸੰਪਰਕ ਅਤੇ ਸ਼ਿਕਾਇਤ ਨਿਵਾਰਣ ਕਮੇਟੀ ਦੀ ਮਾਸਿਕ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਆਮ ਲੋਕਾਂ ਦੀਆਂ ਸ਼ਿਕਾਇਤਾਂ ਦਾ ਹੱਲ ਕਰਨ, ਭ੍ਰਿਸ਼ਟਾਚਾਰ 'ਤੇ ਰੋਕ ਲਗਾਉਣ ਅਤੇ ਵਿਕਾਸ ਕਾਰਜਾਂ ਨੂੰ ਗਤੀ ਦੇਣ ਲਈ ਵਚਨਬੱਧ ਹੈ। ਸਿਰਸਾ ਵਿੱਚ ਜ਼ਿਲ੍ਹਾ ਲੋਕ ਸੰਪਰਕ ਅਤੇ ਕਸ਼ਟ ਨਿਵਾਰਣ ਕਮੇਟੀ ਦੀ ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਮੀਟਿੰਗ ਵਿੱਚ ਕੁੱਲ 15 ਸ਼ਿਕਾਇਤਾਂ ਰੱਖੀਆਂ ਗਈਆਂ, ਜਿਨ੍ਹਾਂ ਵਿੱਚੋਂ 13 ਸ਼ਿਕਾਇਤਾਂ ਦਾ ਮੌਕੇ 'ਤੇ ਹੀ ਹੱਲ ਕਰ ਦਿੱਤਾ ਗਿਆ, ਜਦਕਿ ਦੋ ਸ਼ਿਕਾਇਤਾਂ ਅਗਲੀ ਮੀਟਿੰਗ ਲਈ ਲੰਬਿਤ ਰੱਖੀਆਂ ਗਈਆਂ ਹਨ।

ਮੁੱਖ ਮੰਤਰੀ ਨੇ ਵਿਕਾਸ ਕਾਰਜਾਂ ਵਿੱਚ ਲਾਪਰਵਾਹੀ ਅਤੇ ਬੇਨਿਯਮੀਆਂ ਨੂੰ ਗੰਭੀਰਤਾ ਨਾਲ ਲੈਂਦਿਆਂ ਦੱਸਿਆ ਕਿ ਲੰਬਿਤ ਕੰਮਾਂ ਵਿੱਚ ਲਾਪਰਵਾਹੀ



ਵਰਤਣ ਵਾਲੇ ਠੇਕੇਦਾਰ ਵਿਰੁੱਧ ਮੁਹਿੰਮ ਚਲਾ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਹਰ ਮਹੀਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ। ਨਸ਼ਿਆਂ ਸਬੰਧੀ ਗੁਪਤ ਸ਼ਿਕਾਇਤਾਂ ਲਈ ਮਾਨਸ ਪੋਰਟਲ ਸ਼ੁਰੂ ਕੀਤਾ ਗਿਆ ਹੈ। ਇਸ ਦੇ ਨਾਲ ਹੀ ਨਸ਼ਿਆਂ ਵਿਰੁੱਧ ਮੁਹਿੰਮ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਸੰਕਲਪ ਸੋਸਾਇਟੀ ਅਤੇ ਵਿਸ਼ੇਸ਼ ਟਾਸਕ ਫੋਰਸ ਦਾ ਗਠਨ ਕੀਤਾ ਗਿਆ ਹੈ। ਮੁੱਖ ਮੰਤਰੀ ਖੁਦ ਇਸ ਸੋਸਾਇਟੀ ਦੇ ਚੇਅਰਮੈਨ ਹਨ, ਜਦਕਿ ਸਾਬਕਾ ਡੀ.ਜੀ.ਪੀ. ਓ.ਪੀ. ਸਿੰਘ ਨੂੰ ਇਸ ਦਾ ਸੀ.ਈ.ਓ. ਨਿਯੁਕਤ ਕੀਤਾ ਗਿਆ ਹੈ। ਇਸ ਮੁਹਿੰਮ ਵਿੱਚ ਐੱਸ.ਐੱਚ.ਓ., ਸਰਪੰਚ, ਗ੍ਰਾਮ ਸਕੱਤਰ, ਗੈਰ-ਸਰਕਾਰੀ ਸੰਗਠਨਾਂ (ਐੱਨ.ਜੀ.ਓਜ਼) ਅਤੇ ਕੈਮਿਸਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਨੂੰ ਵੀ ਸ਼ਾਮਲ ਕੀਤਾ ਗਿਆ ਹੈ।

ਮੁੱਖ ਮੰਤਰੀ ਨੇ ਦੱਸਿਆ ਕਿ ਨਸ਼ਿਆਂ ਦੇ ਕਾਰੋਬਾਰ ਰਾਹੀਂ ਕਮਾਈ ਗਈ 90 ਕਰੋੜ ਰੁਪਏ ਤੋਂ ਵੱਧ ਦੀ ਜਾਇਦਾਦ ਜ਼ਬਤ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਦੇ ਭਵਿੱਖ ਨਾਲ ਖਿਲਵਾੜ ਕਰਨ ਵਾਲੇ ਨਸ਼ਾ ਤਸਕਰਾਂ ਵਿਰੁੱਧ ਸਖ਼ਤ ਕਾਰਵਾਈ ਜਾਰੀ ਰਹੇਗੀ ਅਤੇ ਅਜਿਹੇ ਲੋਕਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

ਸਿਰਸਾ ਦੇ ਵਿਧਾਇਕ ਗੋਕੁਲ ਸੇਤੀਆ ਨੂੰ ਹਿਰਾਸਤ ਵਿੱਚ ਲਏ ਜਾਣ ਸਬੰਧੀ ਸਵਾਲ 'ਤੇ ਮੁੱਖ ਮੰਤਰੀ ਨੇ ਅਜਿਹੀਆਂ ਖ਼ਬਰਾਂ ਦਾ ਖੰਡਨ ਕਰਦਿਆਂ ਇਸ ਨੂੰ ਡਰਾਮਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਵਿਧਾਇਕ ਨੂੰ ਨਾ ਤਾਂ ਗ੍ਰਿਫ਼ਤਾਰ ਕੀਤਾ ਗਿਆ ਹੈ ਅਤੇ ਨਾ ਹੀ ਹਿਰਾਸਤ ਵਿੱਚ ਲਿਆ ਗਿਆ ਹੈ। ਸਿਰਸਾ ਵਿਧਾਨ ਸਭਾ ਹਲਕੇ ਵਿੱਚ ਵਿਕਾਸ ਕਾਰਜਾਂ ਲਈ ਜਾਰੀ ਕੀਤੇ ਗਏ ਬਜਟ ਦਾ ਵੇਰਵਾ ਦਿੰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ ਵਿਧਾਇਕ ਦੀ ਮੰਗ 'ਤੇ ਸਾਲ 2024-25 ਵਿੱਚ 94 ਲੱਖ 92 ਹਜ਼ਾਰ ਰੁਪਏ, ਸਾਲ 2025-26 ਵਿੱਚ 35 ਕੰਮਾਂ ਲਈ 201 ਲੱਖ ਰੁਪਏ ਅਤੇ ਸਾਲ 2026-27 ਵਿੱਚ 28 ਕੰਮਾਂ ਲਈ ਇੱਕ ਕਰੋੜ 65 ਲੱਖ ਰੁਪਏ ਦੀ ਰਾਸ਼ੀ ਦਿੱਤੀ ਗਈ। ਪਿਛਲੇ ਤਿੰਨ ਸਾਲਾਂ ਦੌਰਾਨ 67 ਵਿਕਾਸ ਕਾਰਜਾਂ ਲਈ ਕੁੱਲ 4 ਕਰੋੜ 7 ਲੱਖ 90 ਹਜ਼ਾਰ ਰੁਪਏ ਜਾਰੀ ਕੀਤੇ ਗਏ ਹਨ।

ਸਰਕਾਰੀ ਭਰਤੀਆਂ ਸਬੰਧੀ ਮੁੱਖ ਮੰਤਰੀ ਨੇ ਕਿਹਾ ਕਿ ਪੁਲਿਸ ਦੇ ਲਗਭਗ 5600 ਅਹੁਦਿਆਂ 'ਤੇ ਭਰਤੀ ਦੀ ਪ੍ਰਕਿਰਿਆ ਆਖਰੀ ਪੜਾਅ ਵਿੱਚ ਹੈ। ਹੋਰ ਵਿਭਾਗਾਂ ਦੀਆਂ ਭਰਤੀਆਂ ਲਈ ਵੀ ਜਲਦੀ ਹੀ ਇੰਟਰਵਿਊ ਸ਼ੁਰੂ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਦਸੰਬਰ ਦੇ ਅੰਤ ਤੱਕ ਇਨ੍ਹਾਂ ਭਰਤੀਆਂ ਦੇ ਨਤੀਜੇ ਜਾਰੀ ਕਰਨ ਦਾ ਟੀਚਾ ਹੈ। ਇਸ ਤੋਂ ਬਾਅਦ ਸੂਬੇ ਵਿੱਚ ਨਵੀਆਂ ਭਰਤੀਆਂ ਲਈ ਭਰਤੀ ਕੈਲੰਡਰ ਜਾਰੀ ਕੀਤਾ ਜਾਵੇਗਾ, ਜਿਸ ਨਾਲ ਨੌਜਵਾਨਾਂ ਨੂੰ ਰੁਜ਼ਗਾਰ ਦੇ ਮੌਕਿਆਂ ਬਾਰੇ ਪਹਿਲਾਂ ਤੋਂ ਜਾਣਕਾਰੀ ਮਿਲ ਸਕੇਗੀ।

ਮੁੱਖ ਮੰਤਰੀ ਸ਼ਹਿਰੀ ਮਾਲਕੀ ਯੋਜਨਾ-2.0 ਸਬੰਧੀ ਉਨ੍ਹਾਂ ਕਿਹਾ ਕਿ 20 ਸਾਲ ਤੋਂ ਵੱਧ ਸਮੇਂ ਤੋਂ ਦੁਕਾਨਾਂ 'ਤੇ ਕਾਬਜ਼ ਯੋਗ ਦੁਕਾਨਦਾਰਾਂ ਨੂੰ ਮਾਲਕੀ ਹੱਕ ਦੇਣ ਲਈ ਯੋਜਨਾ ਦਾ ਪੋਰਟਲ ਇੱਕ ਮਹੀਨੇ ਲਈ ਮੁੜ ਖੋਲ੍ਹਿਆ ਜਾਵੇਗਾ। ਇਸ ਨਾਲ ਉਹ ਯੋਗ ਵਿਅਕਤੀ ਵੀ ਯੋਜਨਾ ਦਾ ਲਾਭ ਲੈ ਸਕਣਗੇ, ਜੋ ਕਿਸੇ ਕਾਰਨ ਪਹਿਲਾਂ ਅਰਜ਼ੀ ਨਹੀਂ ਦੇ ਸਕੇ ਸਨ। ਕਿਸਾਨਾਂ ਵੱਲੋਂ ਨਹਿਰੀ ਪਾਣੀ ਦੀ ਮੰਗ 'ਤੇ ਮੁੱਖ ਮੰਤਰੀ ਨੇ ਕਿਹਾ ਕਿ ਬਿਜਾਈ ਦੇ ਸੀਜ਼ਨ ਨੂੰ ਧਿਆਨ ਵਿੱਚ ਰੱਖਦਿਆਂ ਕਿਸਾਨਾਂ ਵੱਲੋਂ ਦੋ ਹਫ਼ਤਿਆਂ ਤੱਕ ਨਹਿਰੀ ਪਾਣੀ ਮੁਹੱਈਆ ਕਰਵਾਉਣ ਦੀ ਮੰਗ 'ਤੇ ਗੰਭੀਰਤਾ ਨਾਲ ਵਿਚਾਰ ਕੀਤਾ ਜਾ ਰਿਹਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸਵੈ-ਸਹਾਇਤਾ ਸਮੂਹ ਹਰਿਆਣਾ ਵਿੱਚ ਵਧੀਆ ਕੰਮ ਕਰ ਰਹੇ ਹਨ ਅਤੇ ਸਰਕਾਰ ਵੀ ਉਨ੍ਹਾਂ ਦੀ ਮਦਦ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਨੂੰ ਹਰ ਕੰਮ ਵਿੱਚ ਕਿਆਸਅਰਾਈਆਂ ਕਰਨ ਦੀ ਬਜਾਏ ਚੰਗੇ ਕੰਮਾਂ ਨੂੰ ਵੀ ਦੇਖਣਾ ਚਾਹੀਦਾ ਹੈ।

ਸਫ਼ਾਈ ਦੇ ਖੇਤਰ ਵਿੱਚ ਬਹੁਤ ਵਧੀਆ ਕੰਮ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਦੀ ਨੀਅਤ ਵਿੱਚ ਖੋਟ ਸੀ, ਇਸੇ ਕਾਰਨ ਪੰਜਾਬ ਪਛੜਦਾ ਗਿਆ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਉਣ ਵਾਲੀਆਂ ਚੋਣਾਂ ਵਿੱਚ ਭਾਜਪਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਸਰਕਾਰ ਬਣਾ ਕੇ ਮੁੜ ਖੁਸ਼ਹਾਲ ਪੰਜਾਬ ਬਣਾਉਣ ਦੀ ਦਿਸ਼ਾ ਵਿੱਚ ਕੰਮ ਕਰੇਗੀ।

ਇਸ ਮੌਕੇ ਡੱਬਵਾਲੀ ਦੇ ਵਿਧਾਇਕ ਆਦਿੱਤਿਆ ਦੇਵੀਲਾਲ, ਸਾਬਕਾ ਰਾਜਪਾਲ ਪ੍ਰੋ. ਗਣੇਸ਼ੀ ਲਾਲ, ਸਾਬਕਾ ਸੰਸਦ ਮੈਂਬਰ ਸੁਨੀਤਾ ਦੁੱਗਲ, ਸਾਬਕਾ ਵਿਧਾਇਕ ਰਾਮਚੰਦ ਕੰਬੋਜ, ਚੇਅਰਮੈਨ ਰੋਹਤਾਸ਼ ਜਾਂਗੜਾ, ਚੇਅਰਮੈਨ ਦੇਵ ਕੁਮਾਰ ਸ਼ਰਮਾ ਅਤੇ ਮੁੱਖ ਮੰਤਰੀ ਦੇ ਮੀਡੀਆ ਕੋਆਰਡੀਨੇਟਰ ਅਸ਼ੋਕ ਛਾਬੜਾ ਮੌਜੂਦ ਰਹੇ।

ਕੈਬਨਿਟ ਮੰਤਰੀ ਵਿਪੁਲ ਗੋਇਲ ਨੇ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ

ਚੰਡੀਗੜ੍ਹ, 23 ਨਵੰਬਰ
-ਸੰਜੀਵ ਸ਼ਰਮਾ-

ਹਰਿਆਣਾ ਦੇ ਮਾਲ ਅਤੇ ਆਫ਼ਤ ਪ੍ਰਬੰਧਨ ਮੰਤਰੀ ਵਿਪੁਲ ਗੋਇਲ ਨੇ ਕਿਹਾ ਕਿ ਨਾਗਰਿਕ ਉਨ੍ਹਾਂ ਲਈ ਸਿਰਫ਼ ਵੋਟਰ ਨਹੀਂ ਹਨ, ਸਗੋਂ ਉਨ੍ਹਾਂ ਦੇ ਪਰਿਵਾਰ ਦਾ ਹਿੱਸਾ ਹਨ। ਉਹ ਜਨਤਾ ਵੱਲੋਂ ਦਿੱਤੇ ਆਸ਼ੀਰਵਾਦ ਅਤੇ ਵਿਸ਼ਵਾਸ ਦਾ ਸਨਮਾਨ ਕਰਦਿਆਂ ਇਲਾਕੇ ਦੇ ਵਿਕਾਸ ਅਤੇ ਨਾਗਰਿਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨਸ਼ੀਲ ਹਨ।

ਕੈਬਨਿਟ ਮੰਤਰੀ ਵਿਪੁਲ ਗੋਇਲ ਨੇ ਫਰੀਦਾਬਾਦ ਕਮਿਊਨਿਟੀ ਸੈਂਟਰ ਦਾ ਉਦਘਾਟਨ ਕੀਤਾ ਅਤੇ ਵੱਖ-ਵੱਖ ਵਿਕਾਸ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ। ਸ਼ਹਿਰੀ ਸਥਾਨਕ ਸਰਕਾਰਾਂ ਬਾਰੇ ਮੰਤਰੀ ਵਿਪੁਲ ਗੋਇਲ ਨੇ ਕਿਹਾ ਕਿ ਕਾਲੋਨੀਆਂ ਦੀਆਂ ਬਾਕੀ ਰਹਿੰਦੀਆਂ ਸੜਕਾਂ ਅਤੇ ਨਾਲੀਆਂ ਸਮੇਤ ਵੱਖ-ਵੱਖ ਵਿਕਾਸ ਕਾਰਜਾਂ ਲਈ ਲਗਭਗ 160 ਕਰੋੜ ਰੁਪਏ ਦੇ ਪ੍ਰੋਜੈਕਟਾਂ ਦਾ ਨੀਂਹ ਪੱਥਰ ਰੱਖਿਆ ਜਾ ਰਿਹਾ ਹੈ। ਆਉਣ ਵਾਲੇ ਛੇ ਮਹੀਨਿਆਂ ਵਿੱਚ ਬੁਨਿਆਦੀ ਸਹੂਲਤਾਂ ਨਾਲ ਜੁੜੀਆਂ ਸਮੱਸਿਆਵਾਂ ਦਾ ਹੱਲ ਯਕੀਨੀ ਬਣਾਉਣ ਦੇ ਯਤਨ ਕੀਤੇ ਜਾਣਗੇ।

ਵਿਪੁਲ ਗੋਇਲ ਨੇ ਨੌਜਵਾਨਾਂ ਦੇ ਰੁਜ਼ਗਾਰ ਅਤੇ ਸਿੱਖਿਆ ਨੂੰ ਪਹਿਲ ਦਿੰਦਿਆਂ ਹਰੇਕ ਪਰਿਵਾਰ ਦੇ ਦੋ ਵਿਅਕਤੀਆਂ ਨੂੰ ਰੁਜ਼ਗਾਰ ਮੁਹੱਈਆ ਕਰਵਾਉਣ ਦੀ ਦਿਸ਼ਾ ਵਿੱਚ ਯਤਨ ਕਰਨ ਦਾ ਸੰਕਲਪ ਲਿਆ।

ਕੈਬਨਿਟ ਮੰਤਰੀ ਵਿਪੁਲ ਗੋਇਲ ਨੇ ਮਹਿਲਾਵਾਂ ਲਈ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਵਾਲੀ ਹਰਿਆਣਾ ਸਰਕਾਰ ਦੀਆਂ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਦੀ ਦਿਸ਼ਾ ਵਿੱਚ ਮਹੱਤਵਪੂਰਨ ਕਦਮ ਚੁੱਕੇ ਗਏ ਹਨ। ਸਰਕਾਰ ਵੱਲੋਂ ਮਹਿਲਾਵਾਂ ਨੂੰ 2,100 ਰੁਪਏ ਮਹੀਨਾਵਾਰ ਸਹਾਇਤਾ ਦੇਣ ਦੇ ਵਾਅਦੇ ਨੂੰ ਪੂਰਾ ਕਰਨ ਦੀ ਦਿਸ਼ਾ ਵਿੱਚ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ।

ਵਿਪੁਲ ਗੋਇਲ ਨੇ ਨਾਗਰਿਕਾਂ ਨੂੰ ਆਯੁਸ਼ਮਾਨ ਭਾਰਤ ਸਮੇਤ ਲੋਕ ਭਲਾਈ ਦੀਆਂ ਯੋਜਨਾਵਾਂ ਦਾ ਲਾਭ ਉਠਾਉਣ ਦੀ ਅਪੀਲ ਕੀਤੀ। ਸਥਾਨਕ ਪੱਧਰ 'ਤੇ ਸਿਹਤ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਡਿਸਪੈਂਸਰੀ ਦੀ ਵਿਵਸਥਾ ਕੀਤੀ ਜਾ ਰਹੀ ਹੈ, ਤਾਂ ਜੋ ਮਹਿਲਾਵਾਂ, ਬਜ਼ੁਰਗਾਂ ਅਤੇ ਲੋੜਵੰਦਾਂ ਨੂੰ ਇਲਾਜ ਲਈ ਦੂਰ ਨਾ ਜਾਣਾ ਪਵੇ।

ਨਸ਼ਾ ਮੁਕਤ ਹਰਿਆਣਾ' ਮੁਹਿੰਮ ਨੂੰ ਮਿਲ ਰਹੀ ਹੈ ਨਵੀਂ ਰਫ਼ਤਾਰ: ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 23 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 'ਹਰਿਆਣਾ ਉਦੈ' ਪ੍ਰੋਗਰਾਮ ਤਹਿਤ ਸਿਰਸਾ ਜ਼ਿਲ੍ਹੇ ਦੇ ਕਾਲਾਂਵਾਲੀ ਵਿੱਚ ਕਰਵਾਈ ਗਈ ਵਿਸ਼ਾਲ 'ਨਸ਼ਾ ਮੁਕਤ ਹਰਿਆਣਾ' ਮੈਰਾਥਨ ਦੀਆਂ 5 ਕਿਲੋਮੀਟਰ, 10 ਕਿਲੋਮੀਟਰ ਅਤੇ 21 ਕਿਲੋਮੀਟਰ ਦੌੜਾਂ ਦੇ ਜੇਤੂਆਂ ਨੂੰ ਸਨਮਾਨਿਤ ਕੀਤਾ ਅਤੇ ਨੌਜਵਾਨਾਂ ਨੂੰ ਖੇਡਾਂ ਅਤੇ ਸਿੱਖਿਆ ਵੱਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੀਡੀਆ ਨੂੰ ਸੰਬੋਧਿਤ ਕਰਦਿਆਂ ਮੁੱਖ ਮੰਤਰੀ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਸੂਬਾ ਸਰਕਾਰ ਦਾ ਮੁੱਖ ਉਦੇਸ਼ 'ਨਸ਼ਾ ਮੁਕਤ ਹਰਿਆਣਾ' ਬਣਾਉਣਾ ਹੈ। ਉਨ੍ਹਾਂ ਨੇ ਨਸ਼ਾ ਤਸਕਰਾਂ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਕਿਹਾ ਕਿ ਕਿਸੇ ਨੂੰ ਵੀ ਸਾਡੀ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਦੇ ਦਲਦਲ ਵਿੱਚ ਧੱਕਣ ਦਾ ਅਧਿਕਾਰ ਨਹੀਂ ਹੈ। ਅਜਿਹੇ ਸਮਾਜ ਵਿਰੋਧੀ ਅਨਸਰ ਜਾਂ ਤਾਂ ਨਸ਼ਿਆਂ ਦਾ ਕਾਰੋਬਾਰ ਛੱਡ ਦੇਣ ਜਾਂ ਹਰਿਆਣਾ ਛੱਡ ਦੇਣ, ਨਹੀਂ ਤਾਂ ਸਰਕਾਰ ਉਨ੍ਹਾਂ ਵਿਰੁੱਧ ਸਖ਼ਤ ਤੋਂ ਸਖ਼ਤ ਕਾਰਵਾਈ ਕਰੇਗੀ। ਉਨ੍ਹਾਂ ਦੱਸਿਆ ਕਿ ਸਰਕਾਰ ਦੀਆਂ ਸਖ਼ਤ ਨੀਤੀਆਂ ਤਹਿਤ ਹੁਣ ਤੱਕ ਨਸ਼ਿਆਂ ਦੇ ਕਾਰੋਬਾਰੀਆਂ ਦੀ ਲਗਭਗ 94 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਜਾ ਚੁੱਕੀ ਹੈ।

ਨਸ਼ਾ ਮੁਕਤੀ ਕੇਂਦਰਾਂ ਅਤੇ ਸਵੈ-ਸਹਾਇਤਾ ਸਮੂਹਾਂ ਦੀ ਕੀਤੀ ਸ਼ਲਾਘਾ

ਮੁੱਖ ਮੰਤਰੀ ਨੇ ਦੱਸਿਆ ਕਿ ਸੂਬੇ ਦੇ ਮੈਡੀਕਲ ਕਾਲਜਾਂ, ਸਿਵਲ ਹਸਪਤਾਲਾਂ ਅਤੇ ਨਸ਼ਾ ਮੁਕਤੀ ਕੇਂਦਰਾਂ ਰਾਹੀਂ ਲੱਖਾਂ ਨੌਜਵਾਨਾਂ ਨੂੰ ਨਸ਼ਿਆਂ ਦੇ ਚੁੰਗਲ ਵਿੱਚੋਂ ਬਾਹਰ ਕੱਢ ਕੇ ਮੁੱਖ ਧਾਰਾ ਨਾਲ ਜੋੜਿਆ ਗਿਆ ਹੈ। ਉਨ੍ਹਾਂ ਨੇ ਮਾਵਾਂ ਅਤੇ ਭੈਣਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਸਵੈ-ਸਹਾਇਤਾ ਸਮੂਹਾਂ ਨਾਲ ਜੁੜ ਕੇ ਆਪਣੇ ਪਰਿਵਾਰਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾ ਰਹੀਆਂ ਹਨ। ਇਸ ਦੌਰਾਨ ਸਥਾਨਕ ਮਹਿਲਾਵਾਂ ਵੱਲੋਂ ਮੁੱਖ ਮੰਤਰੀ ਨੂੰ ਦਹੀਂ ਖਵਾਉਣ 'ਤੇ ਉਨ੍ਹਾਂ ਨੇ ਇਸ ਨੂੰ ÷ਦੁੱਧ-ਦਹੀਂ ਦਾ ਖਾਣਾ÷ ਦੀ ਮਾਣਮੱਤੀ ਹਰਿਆਣਵੀ ਪਰੰਪਰਾ ਨਾਲ ਜੋੜਦਿਆਂ ਨੌਜਵਾਨਾਂ ਨੂੰ ਨਸ਼ਿਆਂ ਦੀ ਬਜਾਏ ਪੌਸ਼ਟਿਕ ਖੁਰਾਕ ਅਪਣਾਉਣ ਦਾ ਸੱਦਾ ਦਿੱਤਾ। ਉਨ੍ਹਾਂ ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਮਾਂ ਦੇਣ ਅਤੇ ਜੇਕਰ ਕੋਈ ਬੱਚਾ ਗ਼ਲਤ ਸੰਗਤ ਵਿੱਚ ਪੈ ਜਾਵੇ ਤਾਂ ਉਸ ਤੋਂ ਦੂਰੀ ਬਣਾਉਣ ਦੀ ਬਜਾਏ ਦੋਸਤ ਬਣ ਕੇ ਉਸ ਨੂੰ ਨਸ਼ੇ ਦੀ ਆਦਤ ਤੋਂ ਬਾਹਰ ਕੱਢਣ।

ਸਿਰਸਾ ਦੇ ਕਿੰਨੂ ਨੂੰ ਜੀ.ਆਈ. ਟੈਗ ਮਿਲਣ 'ਤੇ ਕਿਸਾਨਾਂ ਨੂੰ ਦਿੱਤੀ ਵਧਾਈ

ਖੇਤੀਬਾੜੀ ਖੇਤਰ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਸਿਰਸਾ ਦੇ ਕਿੰਨੂ ਨੂੰ ਜੀ.ਆਈ. ਟੈਗ ਮਿਲਣ 'ਤੇ ਕਿਸਾਨਾਂ ਨੂੰ ਵਧਾਈ ਦਿੱਤੀ ਅਤੇ ਦੱਸਿਆ ਕਿ ਕਿੰਨੂ ਪ੍ਰੋਸੈਸਿੰਗ ਪਲਾਂਟ 'ਤੇ ਵੀ ਤੇਜ਼ੀ ਨਾਲ ਕੰਮ ਚੱਲ ਰਿਹਾ ਹੈ। ਇਸ ਦੇ ਨਾਲ ਹੀ, ਇਸ ਵਾਰ ਹੋਈ ਬੰਪਰ ਫ਼ਸਲ ਅਤੇ ਚੰਗੇ ਭਾਅ ਮਿਲਣ 'ਤੇ ਕਿਸਾਨਾਂ ਨੇ ਵੀ ਹਰਿਆਣਾ ਸਰਕਾਰ ਦਾ ਧੰਨਵਾਦ ਕੀਤਾ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਵੱਲੋਂ ਦਿਖਾਏ ਗਏ ਸਬਜ਼ਬਾਗ ਚੁਟਕਲਿਆਂ ਵਿੱਚ ਬਦਲ ਗਏ ਹਨ ਅਤੇ ਪੰਜ ਸਾਲ ਸਿਰਫ਼ ਚੁਟਕਲੇ ਹੀ ਚੱਲਦੇ ਰਹੇ। ਉਨ੍ਹਾਂ ਦੋਸ਼ ਲਾਇਆ ਕਿ ਪੰਜਾਬ ਵਿੱਚ ਨਸ਼ਿਆਂ ਨੂੰ ਰੋਕਣ ਲਈ ਕੋਈ ਯਤਨ ਨਹੀਂ ਕੀ